


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸੋਮਵਾਰ, 04 ਨਵੰਬਰ 2024
Email:- lokbani08@gmail.com

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

R. N. I. Punpun/29016/2008 ✶ ਸਾਲ 16 , ✶ ਅੰਕ : 144, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਯੂਗਾਂਡਾ ਵਿਚ ਡਿੱਗੀ ਆਸਮਾਨੀ ਬਿਜਲੀ 14 ਲੋਕਾਂ ਦੀ ਹੋਈ ਮੌਤ



**ਕੰਪਾਲਾ,ਲੋਕ ਬਾਣੀ--** ਉੱਤਰੀ ਯੂਗਾਂਡਾ ਦੇ ਸ਼ਰਨਾਰਥੀ ਕੈਂਪ ਵਿੱਚ ਬਿਜਲੀ ਡਿੱਗਣ ਕਾਰਨ 14 ਲੋਕਾਂ ਦੀ ਮੌਤ ਹੋ ਗਈ। ਇਹ ਘਟਨਾ ਲਾਮਵੋ ਦੇ ਦੂਰ-ਦੁਰਾਡੇ ਜ਼ਿਲ੍ਹੇ ਵਿੱਚ ਵਾਪਰੀ। ਪੁਲੀਸ ਦੇ ਬੁਲਾਰੇ ਕਿਤੁਮਾ ਰੁਸੋਕੇ ਨੇ ਦੱਸਿਆ ਕਿ ਇਸ ਹਾਦਸੇ ਵਿੱਚ 34 ਹੋਰ ਜ਼ਖਮੀ ਹੋ ਗਏ ਹਨ ਪਰ ਉਨ੍ਹਾਂ ਦੀ ਹਾਲੇ ਤੱਕ ਪਛਾਣ ਨਹੀਂ ਹੋ ਸਕੀ ਹੈ।
ਜਾਣਕਾਰੀ ਅਨੁਸਾਰ ਪਾਲਾਬੇਕ ਰਾਹਤ ਕੈਂਪ ਵਿੱਚ ਦੱਖਣੀ ਸੂਡਾਨ ਦੇ ਸ਼ਰਨਾਰਥੀ ਠਹਿਰੇ ਹੋਏ ਸਨ ਤੇ ਇਸ ਕੈਂਪ ਵਿਚ ਪ੍ਰਾਰਥਨਾ ਹੋ ਰਹੀ ਸੀ ਕਿ ਅਸਮਾਨੀ ਬਿਜਲੀ ਡਿੱਗ ਗਈ। ਇਹ ਵੀ ਦੱਸਣਾ ਬਣਦਾ ਹੈ

## ਮਨੀਪੁਰ ਚ ਸੁਰੱਖਿਆ ਬਲਾਂ ਨੇ ਕੀਤੇ 6 ਅਤਿਵਾਦੀ ਗ੍ਰਿਫ਼ਤਾਰ



**ਇੰਫਾਲ, ਲੋਕ ਬਾਣੀ--**:ਮਨੀਪੁਰ ਦੇ ਥੌਬਲ ਤੇ ਵਿਸ਼ਨੂੰਪੁਰ ਜ਼ਿਲ੍ਹਿਆਂ ਤੋਂ ਦੋ ਪਾਬੰਦੀਸ਼ੁਦਾ ਜਥੇਬੰਦੀਆਂ ਨਾਲ ਜੁੜੇ ਛੇ ਅਤਿਵਾਦੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲੀਸ ਨੇ ਇਕ ਬਿਆਨ ਵਿੱਚ ਇਹ ਜਾਣਕਾਰੀ ਦਿੱਤੀ। ਕਾਂਗਲੀਪਾਕ ਕਮਿਊਨਿਸਟ ਪਾਰਟੀ (ਪੀਪਲਜ਼ ਵਾਰ ਗਰੁੱਪ) ਦੇ ਪੰਜ ਅਤਿਵਾਦੀਆਂ ਨੂੰ ਅਗਵਾ ਅਤੇ ਜਬਰੀ ਵਸੂਲੀ ਵਿੱਚ ਕਥਿਤ ਸ਼ਮੂਲੀਅਤ ਲਈ ਥੌਬਲ ਦੇ ਚਰੰਗਪਤ ਮਿਆਈ ਲੀਕਾਈ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਇਨ੍ਹਾਂ ਦੀ ਪਛਾਣ ਥੌਕਚੋਮ ਵਿਕਰਮ ਸਿੰਘ (29), ਸਿਨਮ ਵਿਜੇਨ ਸਿੰਘ (37), ਥੰਗਜਾਮ ਦੀਪਕ ਸਿੰਘ (30), ਲਾਂਬਾਮਾਯੂਮ ਨਾਓਬੀ ਸਿੰਘ (26) ਅਤੇ ਹੁਈਨਿੰਗਸੁੰਬਮ ਟੋਨ ਸਿੰਘ (21) ਦੇ ਰੂਪ ਵਿੱਚ ਕੀਤੀ ਗਈ ਹੈ। ਬਿਆਨ ਮੁਤਾਬਕ ਅਤਿਵਾਦੀਆਂ ਦੀ ਗ੍ਰਿਫ਼ਤਾਰੀ ਸ਼ੁੱਕਰਵਾਰ ਨੂੰ ਕੀਤੀ ਗਈ

## ਸ੍ਰੀ ਨਗਰ ਵਿਚ ਹੋਇਆ ਗ੍ਰੇਨੇਡ ਨਾਲ ਧਮਾਕਾ ਕਈ ਲੋਕ ਜ਼ਖਮੀਂ



**ਸ਼੍ਰੀਨਗਰ ਲੋਕ ਬਾਣੀ-**ਜੰਮੂ-ਕਸ਼ਮੀਰ ਦੇ ਸ਼੍ਰੀਨਗਰ ਚ ਅੱਤਵਾਦੀ ਹਮਲੇ ਦੀ ਖ਼ਬਰ ਸਾਹਮਣੇ ਆਈ ਹੈ। ਇੱਥੇ ਇਕ ਗ੍ਰਗ੍ਰੇਨੇਡ ਧਮਾਕਾ ਹੋਣ ਕਾਰਨ ਐਤਵਾਰ ਬਾਜ਼ਾਰ ਵਿਚ 10 ਤੋਂ ਵੱਧ ਲੋਕ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ। ਦੱਸ ਦਈਏ ਕਿ ਬੀਤੇ ਦਿਨ ਅੱਤਵਾਦੀਆਂ ਅਤੇ ਸੁਰੱਖਿਆ ਬਲਾਂ ਵਿਚਾਲੇ ਮੁਕਾਬਲਾ ਹੋਇਆ ਸੀ ਅਤੇ ਇਕ ਅੱਤਵਾਦੀ ਮਾਰਿਆ ਗਿਆ ਸੀ। ਇਸ ਗ੍ਰੇਨੇਡ ਹਮਲੇ ਦੇ ਸੰਬੰਧ ਚ ਇਕ ਸੀਨੀਅਰ ਪੁਲਸ ਅਧਿਕਾਰੀ ਮੁਤਾਬਿਕ ਅੱਤਵਾਦੀਆਂ ਨੇ ਟੀ.ਆਰ.ਸੀ. ਨੇੜੇ ਭੀੜ-ਭੜੱਕੇ ਵਾਲੇ ਬਾਜ਼ਾਰ ਚ ਗ੍ਰੇਨੇਡ ਸੁੱਟਿਆ

## ਝਾਰਖੰਡ ਨੂੰ ਫੰਡ ਨਾ ਦੇਣ ਮਾਮਲੇ ਵਿੱਚ ਕਾਂਗਰਸ ਨੇ ਲਾਏ ਭਾਜਪਾ ਤੇ ਗੰਭੀਰ ਇਲਜ਼ਾਮ



**ਨਵੀਂ ਦਿੱਲੀ, ਲੋਕ ਬਾਣੀ-**ਕਾਂਗਰਸ ਨੇ ਅੱਜ ਕਿਹਾ ਕਿ ਭਾਜਪਾ ਨੂੰ ਜਨਤਾ ਤੋਂ ਵੋਟ ਮੰਗਣ ਤੋਂ ਪਹਿਲਾਂ ਪੈਂਡਿੰਗ ਕੋਲਾ 'ਰੌਇਲਟੀ' ਦੇ ਰੂਪ ਵਿੱਚ ਝਾਰਖੰਡ ਨੂੰ 1.36 ਲੱਖ ਕਰੋੜ ਰੁਪਏ ਜਾਰੀ ਕਰਨ ਵਿੱਚ ਦੇਰ ਦਾ ਹਿਸਾਬ ਦੇਣਾ ਚਾਹੀਦਾ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਦਾਅਵਾ ਕੀਤਾ ਕਿ ਕੇਂਦਰ 'ਤੇ ਕੋਲਾ 'ਰੌਇਲਟੀ' ਅਤੇ ਕੇਂਦਰੀ ਯੋਜਨ ਦੇ ਲਾਭ ਦੇ ਰੂਪ ਵਿੱਚ ਝਾਰਖੰਡ ਦਾ ਲੱਖਾਂ ਕਰੋੜ ਰੁਪਏ ਬਕਾਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਝਾਰਖੰਡ ਵਿੱਚ ਕੋਲਾ ਖਾਣਾਂ ਕੋਲ ਇੰਡੀਆ ਲਿਮਿਟਡ ਦੀ ਸਹਾਇਕ ਕੰਪਨੀ ਵੱਲੋਂ ਚਲਾਈਆਂ ਜਾਂਦੀਆਂ ਹਨ ਜਿਨ੍ਹਾਂ 'ਤੇ ਸੂਬਾ ਸਰਕਾਰ ਦੀ ਭਾਰੀ ਰਕਮ ਬਕਾਇਆ ਹੈ।

## ਛੇ ਨਵੰਬਰ ਨੂੰ ਜੁਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਦਵਾਨਾਂ ਤੇ ਪੱਤਰਕਾਰਾਂ ਦੀ ਕਰਣਗੇ ਇਕੱਤਰਤਾ





**ਅੰਮ੍ਰਿਤਸਰ, ਲੋਕ ਬਾਣੀ--**ਪਿਛਲੇ ਦਿਨੀ ਤਨਖਾਈਏ ਕਰਾਰ ਦਿੱਤੇ ਗਏ ਸੁਖਬੀਰ ਸਿੰਘ ਬਾਦਲ ਅਤੇ ਹੋਰ ਪੰਥਕ ਮਸਲਿਆਂ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਰਘਬੀਰ ਸਿੰਘ ਵਲੋਂ 6 ਨਵੰਬਰ ਨੂੰ ਸਿੱਖ ਵਿਦਵਾਨਾਂ, ਬੁੱਧੀਜੀਵੀਆਂ ਅਤੇ ਸੀਨੀਅਰ ਸਿੱਖ ਪੱਤਰਕਾਰਾਂ ਦੀ ਇਕੱਤਰਤਾ ਬੁਲਾਏ ਜਾਣ ਦੀ ਸੂਚਨਾ ਮਿਲੀ ਹੈ । ਜਾਣਕਾਰ ਸੂਤਰਾਂ ਅਨੁਸਾਰ ਇਸ ਇਕੱਤਰਤਾ ਵਿਚ ਸਾਬਕਾ ਜਥੇਦਾਰ ਪ੍ਰੋਫੈਸਰ ਮਨਜੀਤ ਸਿੰਘ, ਸਾਬਕਾ ਉਪ ਕੁਲਪਤੀ ਡਾਕਟਰ ਜਸਪਾਲ ਸਿੰਘ, ਡਾਕਟਰ ਇੰਦਰਜੀਤ ਸਿੰਘ ਗੋਗੋਆਣੀ, ਡਾਕਟਰ ਅਮਰਜੀਤ ਸਿੰਘ ਤੇ ਭਾਈ ਹਰਸਿਮਰਨ ਸਿੰਘ ਸ੍ਰੀ ਅਨੰਦਪੁਰ ਸਾਹਿਬ ਸਮੇਤ 20 ਦੇ ਕਰੀਬ ਸਿੱਖ ਵਿਦਵਾਨ ਅਤੇ ਪੱਤਰਕਾਰਾਂ ਦੇ ਸ਼ਾਮਿਲ ਹੋਣ ਦੀ ਸੰਭਾਵਨਾ ਹੈ।

## ਅੱਜ ਤੋਂ ਪੰਜਾਬ ਭਰ ਦੇ ਸਕੂਲ ਨੋ ਵਜੇ ਲੱਗਣਗੇ



**ਨਵਾਂਸ਼ਹਿਰ, ਲੋਕ ਬਾਣੀ-** - ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ/ਸਿ) ਅਮਰਜੀਤ ਖਟਕੜ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੱਲ੍ਹ ਤੋਂ ਜ਼ਿਲ੍ਹੇ ਦੇ ਸਾਰੇ ਸਰਕਾਰੀ /ਏਡਿਡ/ ਗ਼ੈਰ ਸਰਕਾਰੀ ਤੇ ਪ੍ਰਾਈਵੇਟ ਸਕੂਲ ਸਵੇਰੇ 9 ਵਜੇ ਲੱਗਣਗੇ। ਪ੍ਰਾਇਮਰੀ ਸਕੂਲਾਂ ਵਿਚ ਛੁੱਟੀ ਦਾ ਸਮਾਂ 3 ਵਜੇ ਦਾ ਹੋਵੇਗਾ ਅਤੇ ਮਿਡਲ,ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿਚ ਛੁੱਟੀ ਬਾਅਦ ਦੁਪਹਿਰ 3:20 ਤੇ ਹੋਵੇਗੀ।

## ਪੰਜਾਬ ਵਿੱਚ ਚੱਲਦੀ ਕਾਰ ਨੂੰ ਲੱਗੀ ਅੱਗ ਇਕੋ ਪਰਿਵਾਰ ਦੇ ਤਿੰਨ ਮੈਂਬਰਾਂ ਦੀ ਹੋਈ ਮੌਤ



**ਹਰਿਆਣਾ, ਲੋਕ ਬਾਣੀ--**ਕਾਰ ਚ ਅਚਾਨਕ ਅੱਗ ਲੱਗਣ ਕਾਰਨ ਕਾਰ ਨੂੰ ਤਾਲਾ ਲੱਗ ਗਿਆ ਅਤੇ ਕਾਰ ਚ ਸਵਾਰ ਇਕੋ ਪਰਿਵਾਰ ਦੇ 8 ਮੈਂਬਰ ਅੰਦਰ ਫਸ ਗਏ। ਜਦੋਂ ਤੱਕ ਡਰਾਈਵਰ ਨੇ ਕਿਸੇ ਤਰ੍ਹਾਂ ਕਾਰ ਦਾ ਤਾਲਾ ਖੋਲ੍ਹਿਆ ਤਾਂ ਕਾਰ ਚ ਸਵਾਰ ਛੇ ਵਿਅਕਤੀ ਅੱਗ ਦੀ ਲਪੇਟ ਚ ਆ ਗਏ। ਇਸ ਮੌਕੇ ਤੇ ਪਿਤਾ ਤੇ ਦੋ ਧੀਆਂ ਦੀ ਮੌਤ ਹੋ ਗਈ। ਇਹ ਪਰਿਵਾਰ ਦੀਵਾਲੀ ਮਨਾ ਕੇ ਚੰਡੀਗੜ੍ਹ ਪਰਤ ਰਿਹਾ ਸੀ।

## ਕੇਂਦਰੀ ਰਾਜ ਮੰਤਰੀ ਖਿਲਾਫ ਕੇਰਲ ਵਿੱਚ ਹੋਇਆ ਮਾਮਲਾ ਦਰਜ



**ਤ੍ਰਿਸ਼ੂਰ (ਕੇਰਲ), ਲੋਕ ਬਾਣੀ** - ਕੇਰਲ ਪੁਲਿਸ ਨੇ ਰਾਜ ਕੇਂਦਰੀ ਮੰਤਰੀ ਸੁਰੇਸ਼ ਗੋਪੀ ਦੇ ਖਿਲਾਫ ਤ੍ਰਿਸ਼ੂਰ ਪੂਰਮ ਸਥਾਨ ਤੇ ਪਹੁੰਚਣ ਲਈ ਐਂਬੂਲੈਂਸ ਦੀ ਕਥਿਤ ਤੌਰ ਤੇ ਦੁਰਵਰਤੋਂ ਕਰਨ ਦੇ ਦੋਸ਼ ਵਿਚ ਐਫ.ਆਈ.ਆਰ. ਦਰਜ ਕੀਤੀ ਹੈ।ਐਫ.ਆਈ.ਆਰ. ਵਿਚ ਕਿਹਾ ਗਿਆ ਹੈ ਕਿ ਗੋਪੀ ਨੇ ਇਕ ਐਂਬੂਲੈਂਸ ਵਿਚ ਯਾਤਰਾ ਕੀਤੀ, ਜਿਸ ਦੀ ਵਰਤੋਂ ਸਿਰਫ ਮਰੀਜ਼ਾਂ ਨੂੰ ਲਿਜਾਣ ਲਈ ਕੀਤੀ ਜਾਣੀ ਚਾਹੀਦੀ ਹੈ।

## ਏਜੰਟ ਦੀ ਕਰਤੂਤ 80 ਲੱਖ 63 ਹਜ਼ਾਰ ਦੀ ਮਾਰੀ ਠੱਗੀ




**ਚੰਡੀਗੜ੍ਹ, ਵਿਨੋਦ ਸ਼ਰਮਾ** ਭੋਲੇ ਭਾਲੇ ਲੋਕਾਂ ਨੂੰ ਏਜੰਟਾਂ ਦੁਆਰਾ ਰੋਜ ਠੱਗੀਆ ਜਾ ਰਿਹਾ ਹੈ ਤਾਜ਼ਾ ਮਾਮਲਾ ਸੈਕਟਰ-17 ਦੀ ਇਮੀਗ੍ਰੇਸ਼ਨ ਕੰਪਨੀ ਦੇ ਮਾਲਕ ਰਵਿੰਦਰ ਸਿੰਘ ਨੇ ਵਰਕ ਵੀਜ਼ਾ ਦਿਵਾਉਣ ਦੇ ਨਾਂ 'ਤੇ ਮੋਹਾਲੀ ਦੀ ਇਕ ਔਰਤ ਨਾਲ 80 ਲੱਖ 63 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਸੈਕਟਰ-17 ਥਾਣੇ ਦੀ ਪੁਲਸ ਨੇ ਮਾਮਲੇ ਦੀ ਜਾਂਚ ਕਰਕੇ ਰਵਿੰਦਰ ਸਿੰਘ ਖ਼ਿਲਾਫ਼ ਧੋਖਾਧੜੀ ਤੇ ਸਾਜ਼ਿਸ਼ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ,ਮਿਲਾਪ ਚੌਂਕ ਜਲੰਧਰ 9915594111

# ਓਲੰਪਿਕਸ ਚਾਰਟਰ ਵਾਲੀਆਂ ਮਾਝੇ ਦੀਆਂ ਸੁਪ੍ਰਸਿੱਧ ਕਮਲਜੀਤ ਖੇਡਾਂ ਦਾ ਐਲਾਨ, 28 ਨਵੰਬਰ ਤੋਂ ਸ਼ੁਰੂ ਹੋਣਗੀਆਂ ਖੇਡਾਂ



ਬਟਾਲਾ, (ਲੋਕ ਬਾਣੀ) ਓਲੰਪਿਕਸ ਚਾਰਟਰ ਵਾਲੀਆਂ ਮਾਝੇ ਦੀਆਂ ਸੁਪ੍ਰਸਿੱਧ 31ਵੀਆਂ ਕਮਲਜੀਤ ਖੇਡਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਸੁਰਜੀਤ ਸਪੋਰਟਸ ਐਸੋਸੀਏਸ਼ਨ ਬਟਾਲਾ ਵੱਲੋਂ ਹਰ ਸਾਲ ਕਰਵਾਈਆਂ ਜਾਂਦੀਆਂ ਇਹ ਖੇਡਾਂ ਇਸ ਵਾਰ 28 ਨਵੰਬਰ ਤੋਂ 1 ਦਸੰਬਰ ਤੱਕ ਕਰਵਾਈਆਂ ਜਾਣਗੀਆਂ। ਚਾਰ ਰੋਜ਼ਾ ਖੇਡਾਂ ਬਟਾਲਾ ਨੇੜਲੇ ਪਿੰਡ ਕੋਟਲਾ ਸ਼ਾਹੀਆ ਦੇ ਸੁਰਜੀਤ-ਕਮਲਜੀਤ ਖੇਡ ਕੰਪਲੈਕਸ ਵਿਖੇ ਕਰਵਾਈਆਂ ਜਾਣਗੀਆਂ।

ਕਮਲਜੀਤ ਖੇਡਾਂ ਦੀ ਤਿਆਰੀ ਲਈ ਸੁਰਜੀਤ ਸਪੋਰਟਸ ਐਸੋਸੀਏਸ਼ਨ ਬਟਾਲਾ ਦੀ ਰੱਖੀ ਮੀਟਿੰਗ ਵਿੱਚ ਖੇਡਾਂ ਦੀਆਂ ਤਰੀਕਾਂ ਦਾ ਐਲਾਨ ਕੀਤਾ ਗਿਆ। ਐਸੋਸੀਏਸ਼ਨ ਦੇ ਪ੍ਰਧਾਨ ਪ੍ਰਿਥੀਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ 10 ਖੇਡਾਂ ਅਤੇ 50 ਅਥਲੈਟਿਕਸ ਟਰੈਕ ਐਂਡ ਫੀਲਡ ਦੇ ਮੁਕਾਬਲੇ ਹੋਣਗੇ।ਖੇਡਾਂ ਦਾ ਮੁੱਖ ਮਕਸਦ ਓਲੰਪਿਕ ਲਹਿਰ ਨੂੰ ਮਜ਼ਬੂਤ ਕਰਨਾ ਹੈ। ਹਰ ਸਾਲ ਵਾਂਗ ਨਾਮੀ ਖਿਡਾਰੀਆਂ ਨੂੰ ਨਗਦ ਇਨਾਮ ਨਾਲ ਵੱਖ-ਵੱਖ ਐਵਾਰਡਾਂ ਨਾਲ ਸਨਮਾਨਤ ਕੀਤਾ ਜਾਵੇਗਾ। ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਹੋਣਗੇ ਖੇਡਾਂ ਦੇ ਮੁੱਖ ਪ੍ਰਬੰਧਕ ਹੋਣਗੇ ਅਤੇ ਇਸ ਵਾਰ ਖੇਡਾਂ ਸਵ. ਪ੍ਰਿੰਸੀਪਲ ਗੁਰਮੁੱਖ ਸਿੰਘ ਮਾਣੂੰਕੇ, ਅਤੇ ਸਵ. ਰਣਜੀਤ ਕੌਰ ਅਖਾੜਾ (ਮਾਤਾ ਅਮਰੀਕ ਸਿੰਘ ਅਖਾੜਾ ਐਡਮਿੰਟਨ ਕੈਨੇਡਾ) ਨੂੰ ਸਮਰਪਿਤ ਹੋਣਗੀਆਂ।

ਅੱਜ ਦੀ ਮੀਟਿੰਗ ਵਿੱਚ ਸੁਚਾਰੂ ਪ੍ਰਬੰਧਾਂ ਲਈ ਵੱਖ-ਵੱਖ ਕਮੇਟੀਆਂ ਬਣਾਈਆਂ ਗਈਆਂ।ਨਿਸ਼ਾਨ ਸਿੰਘ ਰੰਧਾਵਾ ਵਧੀਕ ਮੁੱਖ ਪ੍ਰਬੰਧਕ ਹੋਣਗੇ। ਜਸਵੰਤ ਸਿੰਘ ਢਿੱਲੋਂ ਖੇਡਾਂ ਦੀ ਈਵੈਂਟ ਕਰਵਾਉਣ ਵਾਲੀ ਕਮੇਟੀ ਦੇ ਚੇਅਰਮੈਨ ਹੋਣਗੇ। ਸੁਰਜੀਤ ਸਿੰਘ ਸੋਢੀ ਨੂੰ ਸਵਾਗਤੀ ਕਮੇਟੀ ਦਾ ਚੇਅਰਮੈਨ ਬਣਾਇਆ ਗਿਆ ਹੈ। ਦਵਿੰਦਰ ਸਿੰਘ ਕਾਲਾਨੰਗਲ ਸਰਪੰਚ ਖੇਡਾਂ ਦੀ ਤਾਲਮੇਲ ਕਮੇਟੀ ਦੇ ਚੇਅਰਮੈਨ ਹੋਣਗੇ। ਤਰਨਪ੍ਰੀਤ ਸਿੰਘ ਕਲਸੀ ਸਰਪੰਚ ਕੋਟਲਾ ਸ਼ਾਹੀਆ ਨੂੰ ਖੇਡ ਮੈਦਾਨ ਦੇ ਰੱਖ-ਰਖਾਵ ਦੀ ਕਮੇਟੀ ਦੇ ਚੇਅਰਮੈਨ ਬਣਾਇਆ ਗਿਆ।ਖੇਡਾਂ ਦੀ ਰਵਾਇਤ ਅਨੁਸਾਰ ਅੰਤਰਰਾਸ਼ਟਰੀ ਖਿਡਾਰੀਆਂ ਤੇ ਸ਼ਖ਼ਸੀਅਤਾਂ ਨੂੰ ਸਨਮਾਨਤ ਕਰਨ ਲਈ ਉਨ੍ਹਾਂ ਦੀ ਚੋਣ ਲਈ ਪ੍ਰੋ ਗੁਰਭਜਨ ਸਿੰਘ ਗਿੱਲ ਦੀ ਅਗਵਾਈ ਹੇਠ ਕਮੇਟੀ ਬਣਾਈ ਗਈ ਜਿਸ ਵਿੱਚ ਦਰੋਣਾਚਾਰੀਆ ਐਵਾਰਡੀ ਤੇ ਸਾਬਕਾ ਚੀਫ ਕੋਚ ਮੁੱਕੇਬਾਜ਼ੀ ਗੁਰਬਖ਼ਸ਼ ਸਿੰਘ ਸੰਧੂ ਤੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਵੀ ਸ਼ਾਮਲ ਹੋਣਗੇ।

ਅੱਜ ਦੀ ਮੀਟਿੰਗ ਵਿੱਚ ਨਿਸ਼ਾਨ ਸਿੰਘ ਰੰਧਵਾ, ਪ੍ਰਿੰਸੀਪਲ ਮੁਸ਼ਤਾਕ ਗਿੱਲ, ਪ੍ਰਿੰਸੀਪਲ ਧਿਆਨ ਸਿੰਘ, ਰਾਜਵਿੰਦਰ ਸਿੰਘ, ਕੁਲਬੀਰ ਸਿੰਘ, ਖੁਸ਼ਕਰਨ ਸਿੰਘ ਹੇਅਰ, ਜਸਵੰਤ ਸਿੰਘ ਢਿੱਲੋਂ, ਸਰਦੂਲ ਸਿੰਘ ਮੱਲਿਆਂਵਾਲ, ਸੁਰਜੀਤ ਸਿੰਘ ਸੋਢੀ, ਮੱਖਣ ਸਿੰਘ, ਤਰੁਣ ਕਲਸੀ ਸਰਪੰਚ ਕੋਟਲਾ ਸ਼ਾਹੀਆ, ਐਸ.ਡੀ.ਓ. ਜਗਦੀਸ਼ ਸਿੰਘ ਬਾਜਵਾ, ਸੁਖਵਿੰਦਰ ਸਿੰਘ ਫੁੱਟਬਾਲ ਕੋਚ, ਲਖਵਿੰਦਰ ਸਿੰਘ ਅਥਲੈਟਿਕਸ ਕੋਚ, ਸੁਖਦੇਵ ਸਿੰਘ ਬਾਊ ਔਲਖ ਅੰਤਰਰਾਸ਼ਟਰੀ ਕਬੱਡੀ ਖਿਡਾਰੀ ਵੀ ਮੌਜੂਦ ਸਨ।

# ਜੰਮੂ-ਕਸ਼ਮੀਰ ਵਿਧਾਨ ਸਭਾ ਦਾ ਪਹਿਲਾ ਸੈਸ਼ਨ ਭਲਕੇ ਤੋਂ ਸ਼ੁਰੂ, ਸੀਐਮ ਉਮਰ ਨੇ ਬੁਲਾਈ ਸਹਿਯੋਗੀ ਪਾਰਟੀਆਂ ਦੀ ਮੀਟਿੰਗ



ਜੰਮੂ-ਕਸ਼ਮੀਰ (ਲੋਕ ਬਾਣੀ) ਵਿਧਾਨ ਸਭਾ ਦਾ ਪਹਿਲਾ ਸੈਸ਼ਨ ਸੋਮਵਾਰ ਤੋਂ ਸ਼ੁਰੂ ਹੋਵੇਗਾ। ਸੈਸ਼ਨ ਤੋਂ ਪਹਿਲਾਂ ਐਤਵਾਰ ਸ਼ਾਮ ਸਾਢੇ ਸੱਤ ਵਜੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸਹਿਯੋਗੀ ਦਲਾਂ ਦੀ ਮੀਟਿੰਗ ਬੁਲਾਈ ਹੈ। ਇਸ ਵਿੱਚ ਕਾਂਗਰਸ, ਸੀਪੀਆਈ (ਐਮ), ਆਮ ਆਦਮੀ ਪਾਰਟੀ ਅਤੇ ਆਜ਼ਾਦ ਵਿਧਾਇਕ ਸ਼ਾਮਲ ਹੋਣਗੇ।

ਦੱਸ ਦੇਈਏ ਕਿ 10 ਸਾਲ ਬਾਅਦ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਨਵੀਂ ਸਰਕਾਰ ਚ ਨੈਸ਼ਨਲ ਕਾਨਫਰੰਸ ਦੇ ਸੀਨੀਅਰ ਵਿਧਾਇਕ ਅਬਦੁਲ ਰਹੀਮ ਰਾਥਰ ਨੂੰ ਸਪੀਕਰ ਬਣਾਇਆ ਜਾ ਸਕਦਾ ਹੈ। ਰਾਦਰ ਸੱਤਵੀਂ ਵਾਰ ਵਿਧਾਇਕ ਚੁਣੇ ਗਏ ਹਨ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੀ ਪਹਿਲੀ ਵਿਧਾਨ ਸਭਾ ਵਿੱਚ ਸਭ ਤੋਂ ਪੁਰਾਣੇ ਵਿਧਾਇਕ ਹਨ।

ਸੈਸ਼ਨ ਤੋਂ ਪਹਿਲਾਂ ਸੋਮਵਾਰ ਨੂੰ ਸਵੇਰੇ 10:30 ਵਜੇ ਤੋਂ ਪਹਿਲਾਂ ਸਪੀਕਰ ਦੀ ਚੋਣ ਕੀਤੀ ਜਾਵੇਗੀ। ਇਸ ਤੋਂ ਬਾਅਦ ਉਪ ਰਾਜਪਾਲ ਦਾ ਸੰਬੋਧਨ ਹੋਵੇਗਾ। ਬੈਠਕ ਚ ਅਬਦੁੱਲਾ ਸਰਕਾਰ ਦੀ ਆਉਣ ਵਾਲੀ ਰਣਨੀਤੀ ਅਤੇ ਯੋਜਨਾਵਾਂ ਤੇ ਵੀ ਚਰਚਾ ਹੋ ਸਕਦੀ ਹੈ। ਮੀਟਿੰਗ ਵਿੱਚ ਨੈਸ਼ਨਲ ਕਾਨਫਰੰਸ ਦੇ ਸਾਰੇ ਵਿਧਾਇਕਾਂ ਨੂੰ ਵੀ ਬੁਲਾਇਆ ਗਿਆ ਹੈ।

# ਕੈਨੇਡਾ ਪੁਲਿਸ ਨੂੰ ਮਿਲੀ ਵੱਡੀ ਸਫਲਤਾ... ਪੰਜਾਬੀ ਨੌਜਵਾਨ 90 ਮਾਰੂ ਹਥਿਆਰਾਂ ਤੇ ਸੈਂਕੜੇ ਕਿਲੋ ਜ਼ਹਿਰੀਲੇ ਨਸ਼ੇ ਸਮੇਤ ਕਾਬੂ



ਕੈਨੇਡਾ /ਫਾਕਲੈਂਡ :((ਲੋਕ ਬਾਣੀ) ਰੋਜ਼ੀ ਰੋਟੀ ਖਾਤਰ ਵਿਦੇਸ਼ਾਂ ਵਿੱਚ ਗਏ ਪੰਜਾਬੀਆ ਨੂੰ ਪੰਜਾਬੀਆ ਵੱਲੋਂ ਕੀਤੇ ਜਾਦੇ ਕੰਮਾਂ ਨੂੰ ਲੈ ਕੇ ਕਈ ਵਾਰ ਨਮੋਸ਼ੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜੀ ਹਾ ਪੰਜਾਬੀ ਜਿਥੇ ਹੱਡ ਭੰਨਵੀਂ ਮਿਹਨਤ ਕਰਕੇ ਵੀ ਜਾਣੇ ਜਾਦੇ ਹਨ, ਜਿਨ੍ਹਾਂ ਨੇ ਮਿਹਨਤ ਸਦਕਾ ਵਿਦੇਸ਼ਾਂ ਵਿੱਚ ਵੱਡੇ ਝੰਡੇ ਵੀ ਗੱਡੇ ਹਨ, ਪਰ ਕੁਝ ਕੁ ਲੋਕ ਪੰਜਾਬੀਆ ਦਾ ਨਾ ਮਿੱਟੀ ਵਿੱਚ ਮਿਲਾਉਣ ਤੋਂ ਬਾਜ਼ ਨਹੀ ਆਉਦੇ, ਆਜਿਹਾ ਹੀ ਇੱਕ ਮਾਮਲਾ ਕਨੇਡਾਂ ਦੀ ਧਰਤੀ ਤੋਂ ਸਾਹਮਣੇ ਆਇਆ ਜਿਸ ਕਰਕੇ ਪੰਜਾਬੀਆ ਨੂੰ ਵੀ ਸ਼ਰਮਸਾਰ ਹੋਣਾ ਪੈ ਰਿਹਾ ਹੈ, ਜੀ ਹਾ ਜਿਥੇ ਇੱਕ ਪੰਜਾਬੀ ਨੇ ਫਾਕਲੈਂਡ ਇਲਾਕੇ ਵਿੱਚ ਆਪਣੇ ਘਰ ਵਿੱਚ ਹੀ ਮਾਰੂ ਹਥਿਆਰਾਂ ਦਾ ਜ਼ਖੀਰਾ ਤੇ ਵੱਡੀ ਪੱਧਰ ਤੇ ਡਰੱਗ ਤਿਆਰ ਕਰਨ ਦੇ ਦੋਸ਼ਾਂ ਹੇਠ ਗ੍ਰਿਫਤਾਰ ਕੀਤਾ ਗਿਆ ਹੈ । ਜਾਣਕਾਰੀ ਮੁਤਾਬਿਕ ਫਾਕਲੈਂਡ ਵਿੱਚ ਪੁਲਿਸ ਨੇ ਪੱਕੀ ਜਾਣਕਾਰੀ ਤੋਂ ਬਾਅਦ ਰੇਡ ਕਰਕੇ 89 ਮਾਰੂ ਹਥਿਆਰਾਂ ਤੇ ਡਰੱਗ ਤੇ ਲੱਖਾਂ ਡਾਲਰ ਸਮੇਤ ਗਗਨਪ੍ਰੀਤ ਸਿੰਘ ਰੰਧਾਵਾ ਨੂੰ ਗ੍ਰਿਫਤਾਰ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤਾ ਹੈ । ਕਨੇਡਾ ਪੁਲਿਸ ਦੀ ਜਾਣਕਾਰੀ ਮੁਤਾਬਿਕ ਗਗਨਪ੍ਰੀਤ ਸਿੰਘ ਰੰਧਾਵਾ ਆਪਣੇ ਫਾਰਮ ਹਾਊਸ ਵਿੱਚ ਇੱਕ ਲੈਬ ਬਣਾ ਕੇ ਡਰੱਗ ਤੇ ਖੁਦ ਹੀ ਹਥਿਆਰ ਤਿਆਰ ਕਰਦਾ ਸੀ, ਜਿਸ ਨੂੰ ਅੱਗੇ ਵੇਚ ਕੇ ਲੱਖਾ ਡਾਲਰ ਦੀ ਕਮਾਈ ਕਰਦਾ ਸੀ । ਪੁਲਿਸ ਮੁਤਾਬਿਕ ਉਸ ਦੀ ਲੈਬ ਵਿੱਚੋਂ 54 ਕਿਲੋ ਫੈਟਾਂਨਿਲ, 3.90 ਕਿਲੋ ਮੈਥਾ ਫਿਮੋਨਾਈਟ, 35 ਕਿਲੋ ਹੈਰੋਇਨ, 15 ਕਿਲੋ ਐਮਡੀਐਮ, 6 ਕਿਲੋ ਭੰਗ ਸਮੇਤ ਵੱਡੇ ਤੇ ਮਾਰੂ ਹਥਿਆਰ ਬ੍ਰਾਮਦ ਕੀਤੇ ਗਏ ਹਨ,ਪੁਲਿਸ ਮੁਤਾਬਿਕ 2016 ਤੋਂ ਲੈ ਕੇ 20 24 ਤੱਕ ਗਗਨਪ੍ਰੀਤ ਰੰਧਾਵਾ ਵੱਲੋਂ ਬਣਾਏ ਜਾਦੇ ਜ਼ਹਿਰੀਲੇ ਨਸ਼ੇ ਡਰੱਗ ਨਾਲ ਹੁਣ ਤੱਕ 48000 ਲੋਕਾਂ ਦੀ ਮੌਤ ਹੋ ਚੁੱਕੀ ਹੈ, ਹਜ਼ਾਰਾਂ ਲੋਕਾਂ ਦੀ ਮੌਤ ਦੇ ਸੌਦਾਗਰ ਨੂੰ ਕਨੇਡਾ ਦੀ ਪੁਲਿਸ ਨੇ ਉਸ ਦੇ ਫਾਰਮ ਘਰ ਵਿੱਚ ਬਣੀ ਲੈਬ ਤੇ ਮਾਰੂ ਹਥਿਆਰਾਂ ਸਮੇਤ ਕਾਬੂ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ । ਹੁਣ ਪੁਲਿਸ ਗ੍ਰਿਫਤਾਰ ਕੀਤੇ ਗਗਨਪ੍ਰੀਤ ਰੰਧਾਵਾ ਪਾਸੋਂ ਉਸ ਵੱਲੋਂ ਘਰ ਦੀ ਲੈਬ ਵਿੱਚ ਤਿਆਰ ਕੀਤੇ ਜ਼ਹਿਰੀਲੇ ਨਸ਼ੇ ਬਾਰੇ ਹੋਰ ਵੀ ਜਾਣਕਾਰੀ ਹਾਸਲ ਕਰਕੇਗੀ ।

# ਝੋਨੇ ਦੀ ਲਿਫਟਿੰਗ ਮਾਮਲੇ ਚ ਪੰਜਾਬ ਚ 33 ਥਾਵਾਂ ਤੇ ਪ੍ਰਦਰਸ਼ਨ: ਕਿਸਾਨ ਆਪ ਤੇ ਭਾਜਪਾ ਉਮੀਦਵਾਰਾਂ ਦੇ ਘਰਾਂ ਦਾ ਕਰਨਗੇ ਘਿਰਾਓ



ਚੰਡੀਗੜ੍ਹ-(ਲੋਕ ਬਾਣੀ) ਝੋਨੇ ਦੀ ਲਿਫਟਿੰਗ ਅਤੇ ਡੀਏਪੀ ਦੀ ਕਮੀ ਦੇ ਮੁੱਦੇ ਤੇ ਸੰਘਰਸ਼ ਕਰਨ ਤੇ ਤੁਲੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਹੁਣ ਆਪਣੀ ਰਣਨੀਤੀ ਬਦਲ ਲਈ ਹੈ। ਯੂਨੀਅਨ ਨੇ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕਾਂ-ਮੰਤਰੀਆਂ ਅਤੇ ਭਾਜਪਾ ਆਗੂਆਂ ਦੇ ਘਰਾਂ ਦੇ ਬਾਹਰ 16 ਦਿਨਾਂ ਦੀ ਪੱਕੀ ਹੜਤਾਲ ਨੂੰ ਖਤਮ ਕਰਨ ਦਾ ਫੈਸਲਾ ਕੀਤਾ ਹੈ।

ਯੂਨੀਅਨ ਨੇ ਫੈਸਲਾ ਕੀਤਾ ਹੈ ਕਿ ਹੁਣ ਚਾਰ ਵਿਧਾਨ ਸਭਾ ਸੀਟਾਂ ਬਰਨਾਲਾ, ਗਿੱਦੜਬਾਹਾ, ਚੱਬੇਵਾਲ ਅਤੇ ਡੇਰਾ ਬਾਬਾ ਨਾਨਕ ਵਿੱਚ 'ਆਪ' ਅਤੇ ਭਾਜਪਾ ਵੱਲੋਂ ਖੜ੍ਹੇ ਕੀਤੇ ਗਏ ਉਮੀਦਵਾਰਾਂ ਦੇ ਘਰਾਂ ਦੇ ਬਾਹਰ ਪੱਕਾ ਧਰਨਾ ਦਿੱਤਾ ਜਾਵੇਗਾ। ਯੂਨੀਅਨ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਇਹ ਐਲਾਨ ਕੀਤਾ ਹੈ।

ਉਨ੍ਹਾਂ ਕਿਹਾ ਕਿ 3 ਤਰੀਕ ਨੂੰ ਜ਼ਿਲ੍ਹਾ ਪੱਧਰ 'ਤੇ ਵੱਡੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ। ਇਸ ਦੇ ਨਾਲ ਹੀ 4 ਨਵੰਬਰ ਤੋਂ ਧਰਨਾ ਦੇਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਹਾਲਾਂਕਿ 25 ਟੋਲ ਪਲਾਜ਼ਾ ਪਹਿਲਾਂ ਵਾਂਗ ਹੀ ਮੁਫਤ ਰਹਿਣਗੇ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਉਮੀਦਵਾਰਾਂ ਨੂੰ ਘੇਰ ਕੇ ਪੁੱਛਗਿੱਛ ਕੀਤੀ ਜਾਵੇਗੀ ਤਾਂ ਉਨ੍ਹਾਂ ਕਿਹਾ ਕਿ ਇਸ ਬਾਰੇ ਵੀ ਵਿਚਾਰ ਕੀਤਾ ਜਾ ਸਕਦਾ ਹੈ।

# ਅੰਮ੍ਰਿਤਸਰ ਪੁਲਿਸ ਨੇ ਬੈਂਕ ਡਕੈਤੀ ਦੇ ਮਾਮਲੇ ਨੂੰ ਸੁਲਝਾਅ ਕੇ ਦੋ ਨੂੰ ਕੀਤਾ ਗ੍ਰਿਫ਼ਤਾਰ, ਖਿਡੌਣਾ ਪਿਸਤੌਲ ਨਾਲ ਵਾਰਦਾਤ ਨੂੰ ਦਿੱਤਾ ਅੰਜਾਮ, 17 ਕਰੋੜ ਦੀ...



ਅੰਮ੍ਰਿਤਸਰ-(ਲੋਕ ਬਾਣੀ) ਪਾਕਿਸਤਾਨ ਤੋਂ ਭਾਰਤ ਨੂੰ ਨਸ਼ੀਲੇ ਪਦਾਰਥਾਂ ਦੀ ਵਧਦੀ ਤਸਕਰੀ ਨੂੰ ਰੋਕਣ ਲਈ ਬੀਐਸਐਫ ਅਤੇ ਪੰਜਾਬ ਪੁਲਿਸ ਸਾਂਝੇ ਤੌਰ ਤੇ ਸਰਚ ਅਭਿਆਨ ਚਲਾ ਰਹੀ ਹੈ। ਜਿਸ ਦੇ ਤਹਿਤ ਪਾਕਿਸਤਾਨ ਤਸਕਰਾਂ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਚ ਸਫਲ ਰਿਹਾ ਹੈ। ਅੰਮ੍ਰਿਤਸਰ ਦੇਹਾਤ ਪੁਲਿਸ ਦੀ ਸੀਆਈਏ ਟੀਮ ਨੇ 17 ਕਰੋੜ ਦੀ ਹੈਰੋਇਨ ਬਰਾਮਦ ਕੀਤੀ ਹੈ। ਇਸ ਦੇ ਨਾਲ ਹੀ ਬੈਂਕ ਡਕੈਤੀ ਮਾਮਲੇ ਨੂੰ ਸੁਲਝਾਅ ਕੇ ਦੋ ਮੁਲਜ਼ਮਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਅੰਮ੍ਰਿਤਸਰ ਦੇਹਾਤ ਦੇ ਐਸਐਸਪੀ ਚਰਨਜੀਤ ਸਿੰਘ ਸੋਹਲ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਥਾਣਾ ਮਜੀਠਾ ਅਧੀਨ ਪੈਂਦੇ ਪਿੰਡ ਨਾਗਕਲਾਂ ਵਿੱਚ ਪੰਜਾਬ ਨੈਸ਼ਨਲ ਬੈਂਕ ਦੀ ਸ਼ਾਖਾ ਵਿੱਚ ਲੁੱਟ ਦੀ ਵਾਰਦਾਤ ਸਾਹਮਣੇ ਆਈ ਸੀ। ਪੁਲੀਸ ਨੇ ਇਸ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਕੋਲੋਂ ਇੱਕ ਖਿਡੌਣਾ ਪਿਸਤੌਲ ਵੀ ਬਰਾਮਦ ਕੀਤਾ ਗਿਆ ਹੈ। ਮੁਲਜ਼ਮਾਂ ਨੇ ਦੱਸਿਆ ਕਿ ਉਨ੍ਹਾਂ ਨੇ ਖਿਡੌਣਾ ਪਿਸਤੌਲ ਨਾਲ ਬੈਂਕ ਲੁੱਟਿਆ ਸੀ। ਇਨ੍ਹਾਂ ਕੋਲੋਂ 5,12,500 ਰੁਪਏ ਦੀ ਲੁੱਟ ਦੀ ਰਕਮ ਵੀ ਬਰਾਮਦ ਕੀਤੀ ਗਈ ਹੈ। ਫਿਲਹਾਲ ਪੁਲਿਸ ਦੋਵਾਂ ਦੋਸ਼ੀਆਂ ਤੋਂ ਪੁੱਛਗਿੱਛ ਕਰਕੇ ਮਾਮਲੇ ਦੀ ਹੋਰ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਤਾਂ ਜੋ ਵਾਰਦਾਤ ਨਾਲ ਜੁੜੇ ਹੋਰ ਪਹਿਲੂਆਂ ਦਾ ਖੁਲਾਸਾ ਹੋ ਸਕੇ ।

ਇਸ ਤੋਂ ਇਲਾਵਾ ਇੱਕ ਹੋਰ ਮਾਮਲੇ ਚ ਇੱਕ ਮੁਲਜ਼ਮ ਭਾਰਤ-ਪਾਕਿਸਤਾਨ ਸਰਹੱਦ ਨੇੜੇ ਡਿਫੈਂਸ ਨਹਿਰ ਨੇੜੇ ਠੇਕੇ 'ਤੇ ਜ਼ਮੀਨ ਲੈ ਕੇ ਖੇਤੀ ਕਰਨ ਦੀ ਆੜ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰ ਰਿਹਾ ਸੀ। ਉਹ ਡਰੋਨ ਰਾਹੀਂ ਪਾਕਿਸਤਾਨ ਤੋਂ ਵੱਡੀ ਮਾਤਰਾ ਚ ਹੈਰੋਇਨ ਮੰਗਵਾ ਕੇ ਅੱਗੇ ਸਪਲਾਈ ਕਰਨ ਦਾ ਧੰਦਾ ਕਰ ਰਿਹਾ ਸੀ।ਸੀਆਈਏ ਦੀ ਟੀਮ ਨੇ ਛਾਪਾ ਮਾਰ ਕੇ ਮੁਲਜ਼ਮ ਨੂੰ ਮੌਕੇ 'ਤੇ ਕਾਬੂ ਕਰ ਲਿਆ। ਉਸ ਕੋਲੋਂ 2 ਕਿਲੋ 500 ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ ਦੀ ਅੰਤਰਰਾਸ਼ਟਰੀ ਕੀਮਤ ਕਰੀਬ 17 ਕਰੋੜ ਰੁਪਏ ਦੱਸੀ ਜਾਂਦੀ ਹੈ। ਮੁਲਜ਼ਮ ਦੀ ਪਛਾਣ ਗੁਰਲਾਲ ਸਿੰਘ ਵਜੋਂ ਹੋਈ ਹੈ, ਜੋ ਪਾਕਿਸਤਾਨ ਤੋਂ ਆਏ ਇੱਕ ਸਮੱਗਲਰ ਲਾਲਾ ਦੇ ਸੰਪਰਕ ਵਿੱਚ ਸੀ ਅਤੇ ਉਸ ਰਾਹੀਂ ਹੈਰੋਇਨ ਮੰਗਵਾਉਂਦਾ ਸੀ। ਪੁਲੀਸ ਨੇ ਗੁਰਲਾਲ ਸਿੰਘ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪੰਜਾਬ ਚ ਲਗਾਤਾਰ 3 ਦਿਨ ਹੋਣਗੀਆਂ ਛੁੱਟੀਆਂ, ਸਕੂਲ, ਕਾਲਜ ਅਤੇ ਸਰਕਾਰੀ ਅਦਾਰੇ ਰਹਿਣਗੇ ਬੰਦ




ਚੰਡੀਗੜ੍ਹ(ਲੋਕ ਬਾਣੀ) ਆਉਣ ਵਾਲੇ ਦਿਨਾਂ ਵਿੱਚ ਪੰਜਾਬ ਵਿੱਚ ਲਗਾਤਾਰ ਤਿੰਨ ਛੁੱਟੀਆਂ ਹੋਣਗੀਆਂ। ਪ੍ਰਾਪਤ ਜਾਣਕਾਰੀ ਅਨੁਸਾਰ 15, 16 ਅਤੇ 17 ਨਵੰਬਰ ਨੂੰ ਛੁੱਟੀਆਂ ਹੋਣਗੀਆਂ। ਇਸ ਸਬੰਧੀ ਜਾਣਕਾਰੀ ਪੰਜਾਬ ਸਰਕਾਰ ਵੱਲੋਂ ਜਾਰੀ ਸਾਲਾਨਾ ਸੂਚੀ ਵਿੱਚ ਦਿੱਤੀ ਗਈ ਹੈ। ਸਰਕਾਰੀ ਪ੍ਰਾਈਵੇਟ ਸਕੂਲ-ਕਾਲਜ, ਸਰਕਾਰੀ ਦਫ਼ਤਰ ਅਤੇ ਅਦਾਰੇ ਤਿੰਨੋਂ ਦਿਨ ਬੰਦ ਰਹਿਣਗੇ।

ਪੰਜਾਬ ਸਰਕਾਰ ਵੱਲੋਂ ਐਲਾਨੀ ਛੁੱਟੀਆਂ ਦੀ ਸੂਚੀ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ 15 ਨਵੰਬਰ, ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ 16 ਨਵੰਬਰ ਦਿਨ ਸ਼ਨੀਵਾਰ ਅਤੇ ਅੰਤ ਵਿੱਚ 17 ਨਵੰਬਰ ਦਿਨ ਐਤਵਾਰ ਨੂੰ ਹੋਵੇਗਾ। ਅਜਿਹੇ ਚ ਲਗਾਤਾਰ ਤਿੰਨ ਦਿਨ ਛੁੱਟੀਆਂ ਹੋਣਗੀਆਂ। ਸਰਕਾਰ ਜਲਦ ਹੀ ਦੋਵਾਂ ਦਿਨਾਂ ਦੀ ਛੁੱਟੀ ਸਬੰਧੀ ਇਕ ਹੋਰ ਵੱਖਰਾ ਨੋਟੀਫਿਕੇਸ਼ਨ ਜਾਰੀ ਕਰੇਗੀ।

# ਏਅਰ ਇੰਡੀਆ ਦੀ ਫਲਾਈਟ ਚ ਮਿਲਿਆ ਕਾਰਤੂਸ, ਸੀਟ ਦੀ ਜੇਬ ਚੋ ਮਿਲਿਆ



ਨਵੀਂ ਦਿੱਲੀ (ਲੋਕ ਬਾਣੀ)- ਦੁਬਈ ਤੋਂ ਦਿੱਲੀ ਆ ਰਹੀ ਏਅਰ ਇੰਡੀਆ ਦੀ ਫਲਾਈਟ ਚ ਕਾਰਤੂਸ ਮਿਲਣ ਦੀ ਜਾਣਕਾਰੀ ਸ਼ਨੀਵਾਰ (2 ਨਵੰਬਰ) ਨੂੰ ਸਾਹਮਣੇ ਆਈ ਹੈ। ਘਟਨਾ 27 ਅਕਤੂਬਰ ਦੀ ਹੈ। ਏਅਰਲਾਈਨਜ਼ ਦੇ ਬੁਲਾਰੇ ਨੇ ਦੱਸਿਆ ਕਿ ਜਿਵੇਂ ਹੀ ਫਲਾਈਟ 19916 ਦਿੱਲੀ ਹਵਾਈ ਅੱਡੇ ਤੇ ਉਤਰੀ। ਇਸ ਦੀ ਇਕ ਸੀਟ ਦੀ ਜੇਬ ਚੋਂ ਇਕ ਕਾਰਤੂਸ ਮਿਲਿਆ, ਜਿਸ ਤੋਂ ਬਾਅਦ ਸਾਰੇ ਯਾਤਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਇਸ ਸਬੰਧੀ ਏਅਰਲਾਈਨਜ਼ ਨੇ ਵੀ ਸ਼ਿਕਾਇਤ ਦਰਜ ਕਰਵਾਈ ਹੈ।

ਕਾਰਤੂਸ ਮਿਲਣ ਦੀ ਖਬਰ ਅਜਿਹੇ ਸਮੇਂ ਚ ਸਾਹਮਣੇ ਆਈ ਹੈ ਜਦੋਂ ਉਡਾਣਾਂ ਤੇ ਨਕਲੀ ਬੰਬ ਦੀ ਧਮਕੀ ਦਾ ਸਿਲਸਿਲਾ ਜਾਰੀ ਹੈ। 14 ਤੋਂ 29 ਅਕਤੂਬਰ ਦਰਮਿਆਨ 16 ਦਿਨਾਂ ਵਿੱਚ 500

# ਪੰਜਾਬ ਪੁਲਿਸ ਵੱਲੋਂ ਅਮਰੀਕਾ ਅਧਾਰਤ ਦਿਲਪ੍ਰੀਤ ਸਿੰਘ ਦੁਆਰਾ ਸਮਰਥਨ ਪ੍ਰਾਪਤ ਅੰਤਰਰਾਜੀ ਹਥਿਆਰਾਂ ਦੀ ਤਸਕਰੀ ਮਾਡਿਊਲ ਦਾ ਪਰਦਾਫਾਸ਼; 12 ਅਤਿ ਆਧੁਨਿਕ ਪਿਸਤੌਲਾਂ ਸਮੇਤ ਸੱਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, (ਲੋਕ ਬਾਣੀ) ਪੰਜਾਬ ਨੂੰ ਇੱਕ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫ਼ਲਤਾ ਪ੍ਰਾਪਤ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਵੱਲੋਂ ਅਮਰੀਕਾ ਅਧਾਰਤ ਦਿਲਪ੍ਰੀਤ ਸਿੰਘ ਨਾਲ ਜੁੜੇ ਇੱਕ ਅੰਤਰਰਾਜੀ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਮਾਡਿਊਲ ਦੇ ਸੱਤ ਸਰਗਣਿਆਂ ਨੂੰ ਗ੍ਰਿਫ਼ਤਾਰ ਕਰਕੇ ਇਸ ਨੂੰ ਨਸ਼ਟ ਕਰ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਕਬਜ਼ੇ 'ਚੋਂ 12 ਪਿਸਤੌਲਾਂ, 16 ਮੈਗਜ਼ੀਨਾਂ ਅਤੇ 23 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਕਰਨਜੀਤ ਸਿੰਘ ਉਰਫ ਧਨੀ, ਜਸ਼ਨਦੀਪ ਸਿੰਘ ਉਰਫ ਮਾਇਆ ਉਰਫ ਛਿੱਲਰ, ਇਸ਼ਮੀਤ ਸਿੰਘ ਉਰਫ ਰਿਸ਼ੂ, ਅੰਮ੍ਰਿਤਪਾਲ ਸਿੰਘ ਉਰਫ ਸਪਰਾ ਅਤੇ ਦਿਲਪ੍ਰੀਤ ਸਿੰਘ ਉਰਫ ਦਿਲ ਸਾਰੇ ਵਾਸੀ ਛੇਹਰਟਾ ਜ਼ਿਲ੍ਹਾ ਅੰਮ੍ਰਿਤਸਰ ਅਤੇ ਵਰਿੰਦਰ ਸਿੰਘ ਉਰਫ ਰਵੀ ਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਵਾਸੀ ਬਾਬਾ ਬਕਾਲਾ ਸਾਹਿਬ ਅੰਮ੍ਰਿਤਸਰ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਮਾਡਿਊਲ ਮੱਧ ਪ੍ਰਦੇਸ਼ ਤੋਂ ਹਥਿਆਰ ਮੰਗਵਾ ਕੇ ਵੱਖ-ਵੱਖ ਗਰੋਹਾਂ ਨੂੰ ਮੁਹੱਈਆ ਕਰਵਾ ਰਿਹਾ ਸੀ। ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਮੁਲਜ਼ਮ ਕਰਨਜੀਤ ਧਨੀ ਨੇ ਆਪਣੇ ਭਰਾ ਜਸ਼ਨਦੀਪ ਸਿੰਘ ਅਤੇ ਇਸ਼ਮੀਤ ਨਾਲ ਮਿਲ ਕੇ ਅਮਰੀਕਾ ਅਧਾਰਤ ਦਿਲਪ੍ਰੀਤ ਸਿੰਘ ਦੀਆਂ ਹਦਾਇਤਾਂ ਤੇ ਮੱਧ ਪ੍ਰਦੇਸ਼ ਤੋਂ ਹਥਿਆਰਾਂ ਦੀ ਖੇਪ ਗਿਰੋਹ ਮੈਂਬਰਾਂ ਤੱਕ ਪਹੁੰਚਾਉਣ ਲਈ ਲਿਆਂਦਾ ਸੀ।

ਡੀਜੀਪੀ ਨੇ ਕਿਹਾ ਕਿ ਮਾਡਿਊਲ ਵਿੱਚ ਸ਼ਾਮਲ ਹੋਰ ਲੋਕਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਆਗਾਮੀ ਦਿਨਾਂ ਵਿੱਚ ਹੋਰ ਗ੍ਰਿਫਤਾਰੀਆਂ ਹੋਣ ਦੀ ਉਮੀਦ ਹੈ।

ਇਸ ਆਪ੍ਰੇਸ਼ਨ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੂਚਨਾ ਮਿਲੀ ਸੀ ਕਿ ਮੱਧ ਪ੍ਰਦੇਸ਼ ਤੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਕੇ ਸੂਬੇ ਵਿੱਚ ਅਪਰਾਧਿਕ ਅਨਸਰਾਂ ਨੂੰ ਸਪਲਾਈ ਕੀਤੇ ਜਾ ਰਹੇ ਹਨ। ਇਸ ਸੂਚਨਾ ਤੇ ਤੁਰੰਤ ਕਾਰਵਾਈ ਕਰਦਿਆਂ ਇਸਲਾਮਾਬਾਦ ਥਾਣਾ ਅਤੇ ਸੀ.ਆਈ.ਏ.-2 ਡੀ.ਸੀ.ਪੀ ਇਨਵੈਸਟੀਗੇਸ਼ਨ ਹਰਪ੍ਰੀਤ ਸਿੰਘ ਮੰਡੇਰ ਦੀ ਦੇਖ-ਰੇਖ ਹੇਠ ਵਿਸ਼ੇਸ਼ ਮੁਹਿੰਮ ਚਲਾ ਕੇ ਛੇਹਰਟਾ ਅਤੇ ਬਾਬਾ ਬਕਾਲਾ ਦੇ ਇਲਾਕੇ ਤੋਂ ਮੁਲਜ਼ਮਾਂ ਨੂੰ ਕਾਬੂ ਕਰ ਲਿਆ।

ਇਸ ਸਬੰਧੀ ਐਫਆਈਆਰ ਨੰਬਰ 234 ਮਿਤੀ 29.10.2024 ਨੂੰ ਅੰਮ੍ਰਿਤਸਰ ਦੇ ਥਾਣਾ ਇਸਲਾਮਾਬਾਦ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ 25 ਅਤੇ 27 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਫਲਾਇੰਗ ਸਕੈਅਡ ਟੀਮਾਂ ਅਤੇ ਅਧਿਕਾਰੀ ਪਰਾਲੀ ਨਾ ਸਾੜਨ ਲਈ ਮੈਦਾਨ ਵਿੱਚ ਡਟੇ

## ਸਰਜੇਚੱਕ, ਖੱਦਰ, ਨੂਰਪੁਰ, ਅਲਾਵਲਪੁਰ, ਰੁੜਿਆਣਾ ਪਿੰਡਾਂ ਖੇਤਾਂ ਵਿੱਚ ਲੱਗੀ ਅੱਗ ਨੂੰ ਮੌਕੇ ਤੇ ਬੁਝਾਇਆ

ਗੁਰਦਾਸਪੁਰ - ਨਵਨੀਤ ਕੁਮਾਰ - ਸ੍ਰੀ ਉਮਾ ਸ਼ੰਕਰ ਗੁਪਤਾ, ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਨਾ ਸਾੜਨ ਲਈ ਫਲਾਇੰਗ ਸਕੈਅਡ ਟੀਮਾਂ ਅਤੇ ਸਿਵਲ ਤੇ ਪੁਲਿਸ ਅਧਿਕਾਰੀਆਂ ਵਲੋਂ ਖੇਤਾਂ ਵਿੱਚ ਲੱਗੀ ਅੱਗ ਨੂੰ ਮੌਕੇ ਤੇ ਬੁਝਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲ ਕਰਦਿਆਂ ਐਸ.ਡੀ.ਐਮ ਕਲਾਨੌਰ, ਮੈਡਮ ਜਯੋਤਸਨਾ ਸਿੰਘ ਨੇ ਦੱਸਿਆ ਕਿ ਕਲਾਨੌਰ ਦੇ ਨੇੜਲੇ ਪਿੰਡਾਂ ਸਰਜੇਚੱਕ, ਖੱਦਰ, ਨੂਰਪੁਰ, ਅਲਾਵਲਪੁਰ ਤੇ ਰੁੜਿਆਣਾ ਵਿਖੇ ਖੇਤਾਂ ਵਿੱਚ ਅੱਗ ਲੱਗੀ ਸੀ, ਜਿਸ ਨੂੰ ਉਨ੍ਹਾਂ ਨੇ ਆਪਣੀ ਮੌਜੂਦਗੀ ਵਿੱਚ ਅੱਗ ਨੂੰ ਬੁਝਾ ਦਿੱਤਾ ਗਿਆ। ਇਸ ਤੋਂ ਇਲਾਵਾ ਕਾਦੀਆਂ, ਡੇਰਾ ਬਾਬਾ ਨਾਨਕ, ਫਤਿਹਗੜ੍ਹ ਚੂੜੀਆਂ ਤੇ ਧਾਰੀਵਾਲ ਨੇੜੇ ਵੀ ਖੇਤਾਂ ਵਿੱਚ ਲੱਗੀ ਅੱਗ ਨੂੰ ਅਧਿਕਾਰੀਆਂ ਵਲੋਂ ਬੁਝਾ ਦਿੱਤਾ ਗਿਆ। ਉਨ੍ਹਾਂ ਅੱਗੇ ਦੱਸਿਆ ਸਿਵਲ ਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਵਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਤੇ ਪਰਾਲੀ ਨਾ ਸਾੜਨ ਤੇ ਪਰਾਲੀ ਪ੍ਰਬੰਧਨ ਲਈ ਅਪੀਲ ਕੀਤੀ ਗਈ। ਇਸ ਮੌਕੇ ਗੱਲ ਕਰਦਿਆਂ ਉਨ੍ਹਾਂ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਕਿਸਾਨਾਂ ਨੂੰ ਲਗਾਤਾਰ ਮਿਲ



ਰਹੇ ਹਨ। ਕਿਸਾਨਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ। ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਪਿੰਡ ਪੱਧਰ ਤੱਕ ਨੋਡਲ ਅਫਸਰ ਲਗਾਏ ਗਏ ਹਨ ਉਨ੍ਹਾਂ ਕਿਸਾਨਾਂ ਨੂੰ ਵਾਤਾਵਰਣ ਸਾਫ ਰੱਖਣ, ਜਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਅਤੇ ਸਿਹਤ ਨੂੰ ਮੁੱਖ ਰੱਖਦਿਆਂ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਵਰਤਨ ਦੀ ਅਪੀਲ ਕੀਤੀ।

ਐਸਡੀਐਮ ਨੇ ਕਿਹਾ ਕਿ ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫਤਰ, ਬਲਾਕ ਅਫਸਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ ਜਾਂ ਹੈਲਪ ਲਾਈਨ ਨੰ 1800-180-1852 ਤੇ ਸੰਪਰਕ ਕਰਨ।

ਰੋਜ਼ਾਨਾ ਲੋਕ ਬਾਣੀ www.lokbani

# ਟ੍ਰੈਫਿਕ ਪੁਲਿਸ ਵੱਲੋਂ ਟ੍ਰੈਫਿਕ ਨਿਯਮਾਂ ਦੀ ਅਹਿਮੀਅਤਾ ਬਾਰੇ ਲਾਇਆ ਸੈਮੀਨਾਰ

ਗੁਰਦਾਸਪੁਰ- ਨਵਨੀਤ ਕੁਮਾਰ- ਜ਼ਿਲ੍ਹਾ ਟ੍ਰੈਫਿਕ ਪੁਲਿਸ ਐਜੂਕੇਸ਼ਨ ਸੈਲ ਵੱਲੋਂ ਅੱਜ ਬੱਸ ਸਟੈਂਡ ਦੀਨਾਨਗਰ ਤੇ ਟੈਕਸੀ ਅਤੇ ਥ੍ਰੀ ਵ੍ਹੀਲਰ ਡਰਾਈਵਰਾਂ ਨੂੰ ਇਕੱਠੇ ਕਰ ਕੇ ਪ੍ਰਧਾਨ ਵਿਜੇ ਕੁਮਾਰ ਜੀ ਦੇ ਸਹਿਯੋਗ ਨਾਲ ਥ੍ਰੀ ਵ੍ਹੀਲਰ ਆਟੋ ਡਰਾਈਵਰਾਂ ਨੂੰ ਟ੍ਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ। ਟ੍ਰੈਫਿਕ ਐਜੂਕੇਸ਼ਨ ਸੈੱਲ ਗੁਰਦਾਸਪੁਰ ਵਲੋਂ ਏ ਐਸ ਆਈ ਸੁਭਾਸ਼ ਚੰਦਰ ਅਤੇ ਏ ਐਸ ਆਈ ਅਮਨਦੀਪ ਸਿੰਘ ਸ਼ਾਮਿਲ ਸੀ। ਸੈਮੀਨਾਰ ਵਿੱਚ ਥ੍ਰੀ ਵ੍ਹੀਲਰ ਅਤੇ ਟੈਕਸੀ ਚਾਲਕਾਂ ਨੂੰ ਦਸਿਆ ਕਿ ਤੇਜ ਰਫ਼ਤਾਰ ਚ ਵਾਹਨ ਨਹੀਂ ਚਲਾਉਣਾ ਚਾਹੀਦਾ ਅਤੇ ਸਾਉਂਡ ਪ੍ਰਦੂਸ਼ਣ ਬਾਰੇ ਜਾਗਰੂਕ ਕਰਵਾਇਆ ਕਿ ਵਾਹਨ ਚਲਾਉਂਦੇ ਵਕਤ ਉੱਚੀ ਆਵਾਜ਼ ਚ ਗਾਣੇ ਨਹੀਂ ਚਲਾਉਣੇ ਚਾਹੀਦੇ। ਚਾਰ ਪਹਿਆ ਵਾਹਨ ਚਲਾਉਂਦੇ ਸੀਟ ਬੈਲਟ ਲਗਾ ਕੇ ਰੱਖਣੀ ਚਾਹੀਦੀ ਹੈ। ਅਤੇ ਪਿੱਛੇ ਬੈਠੀ ਸਵਾਰੀ ਨੂੰ ਵੀ ਸੀਟ ਬੈਲਟ ਲਗਾ ਕੇ ਰੱਖਣੀ ਚਾਹੀਦੀ ਹੈ।ਨਸ਼ਾ ਕਰਕੇ ਵਾਹਨ ਨਹੀਂ ਚਲਾਉਣਾ ਚਾਹਿਦਾ ਅਤੇ ਡਰਾਈਵਿੰਗ ਕਰਦੇ ਸਮੇਂ ਮੋਬਾਈਲ ਦੀ ਵਰਤੋਂ ਨਹੀਂ ਕਰਨੀ ਚਾਹੀਦੀ।ਅਤੇ ਜੇਕਰ ਕੋਈ ਵਿਅਕਤੀ ਐਕਸੀਡੈਂਟ ਪੀੜਿਤ ਦੀ ਮਦਦ ਕਰਦਾ



ਹੈ ਤਾਂ ਉਸ ਨੂੰ ਚੰਗੇ ਨਾਗਰਿਕ ਵਜੋਂ ਸਨਮਾਨਿਤ ਕੀਤਾ ਜਾਵੇਗਾ।ਇਸ ਦੌਰਾਨ 1033 ਨੈਸ਼ਨਲ ਹਾਈਵੇ ਨੰਬਰ ਬਾਰੇ ਜਾਣੂ ਕਰਵਾਇਆ।ਕਿ ਰੋਡ ਤੇ ਕੋਈ ਵੀ ਮੁਸ਼ਕਿਲ ਆਉਣ ਤੇ ਇਸ ਹੇਲਪਲਾਈਨ ਨੰਬਰ ਤੇ ਕੋਲ ਕਰ ਸਕਦੇ ਹੈ । ਸੈਮੀਨਾਰ ਵਿੱਚ ਡਰਾਈਵਰ,ਸਤਨਾਮ ਸਿੰਘ,ਰਜੇਸ਼ ਕੁਮਾਰ,ਸੰਨੀ,ਲੱਕੀ ,ਪਰਵੀਨ,ਸੁੱਖਾ, ਸਤਪਾਲ,ਦੀਪੂ,ਰੋਹਿਤ, ਵਿੱਕੀ,ਕੁਲਦੀਪ ਕੁਮਾਰ ਆਦਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦਾ ਪ੍ਰਣ ਲਿਆ ਅਤੇ ਆਏ ਹੋਏ ਟ੍ਰੈਫਿਕ ਕਰਮਚਾਰੀਆ ਦਾ ਧੰਨਵਾਦ ਕੀਤਾ।

ਰੋਜ਼ਾਨਾ ਲੋਕ ਬਾਣੀ www.lokbani

# ਪੰਜਾਬ ਦੇ ਸਮੁੱਚੇ ਢਾਂਚੇ ਨੂੰ ਸੁਧਾਰਨ ਲਈ ਅਸੀਂ ਭਗਵਾਨ ਵਿਸ਼ਵਕਰਮਾ ਦੇ ਨਕਸ਼ੇ ਕਦਮਾਂ ਤੇ ਚੱਲ ਰਹੇ ਹਾਂ : ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ

ਲੁਧਿਆਣਾ, (ਸੁਖਚੈਨ ਮਹਿਰਾ) ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ, ਉਦਯੋਗ ਤੇ ਕਾਮਰਸ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਨੀਵਾਰ ਨੂੰ ਕਿਹਾ ਕਿ ਭਗਵਾਨ ਵਿਸ਼ਵਕਰਮਾ ਦੇ ਨਕਸ਼ੇ-ਕਦਮਾਂ ਤੇ ਚੱਲਦਿਆ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਸਮੁੱਚੀ ਵਿਵਸਥਾ ਵਿੱਚ ਸੁਧਾਰ ਕਰ ਰਹੀ ਹੈ, ਤਾਂ ਜੋ ਲੋਕਾਂ ਦੀ ਤਰੱਕੀ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਇਆ ਜਾ ਸਕੇ। ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਸ਼ਨੀਵਾਰ ਨੂੰ ਬਾਬਾ ਵਿਸ਼ਵਕਰਮਾ ਭਵਨ ਕੈਨਾਲ ਰੋਡ, ਲੁਧਿਆਣਾ ਵਿਖੇ ਬਾਬਾ ਵਿਸ਼ਵਕਰਮਾ ਇੰਜੀਨੀਅਰਿੰਗ ਅਤੇ ਤਕਨੋਲੋਜੀ ਸੈਂਟਰ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਸਨ। ਇਸ ਮੌਕੇ ਉਹਨਾਂ ਦੇ ਨਾਲ ਵਿਧਾਇਕ ਸ੍ਰੀਮਤੀ ਰਾਜਿੰਦਰ ਪਾਲ ਕੌਰ ਛੀਨਾ ਅਤੇ ਚੇਅਰਮੈਨ ਸ੍ਰੀ ਸੁਖਦਿਆਲ ਸਿੰਘ ਬਸੰਤ, ਪ੍ਰਧਾਨ ਰਘਬੀਰ ਸਿੰਘ ਸੋਹਲ, ਮੀਤ ਪ੍ਰਧਾਨ ਬਲਦੇਵ ਸਿੰਘ ਅਮਰ, ਜਨਰਲ ਸਕੱਤਰ ਸ੍ਰੀ ਗੁਰਮੀਤ ਸਿੰਘ ਕੌਲਾਰ ਆਦਿ ਮੌਜੂਦ ਸਨ।

ਵਿਸ਼ਵਕਰਮਾ ਦਿਵਸ ਮੌਕੇ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਸੌਂਦ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਬ੍ਰਹਿਮੰਡ ਵਿੱਚ ਰਚਨਾਤਮਕਤਾ, ਇੰਜਨੀਅਰਿੰਗ, ਨਿਰਮਾਣ ਸ਼ੈਲੀ ਅਤੇ ਤਕਨਾਲੋਜੀ ਦੇ ਮੋਢੀ ਸਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸੂਬੇ ਦੀ ਦੌਲਤ ਨੂੰ ਬੇਰਹਿਮੀ ਨਾਲ ਲੁੱਟਿਆ, ਜਿਸ ਦੌਰਾਨ ਉਨ੍ਹਾਂ ਨੇ ਇਸ ਨੂੰ ਨਾ ਪੂਰਾ ਹੋਣ ਵਾਲਾ ਨੁਕਸਾਨ ਪਹੁੰਚਾਇਆ ਹੈ। ਉਹਨਾਂ ਨੇ ਕਿਹਾ ਕਿ ਹੁਣ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਭਗਵਾਨ ਵਿਸ਼ਵਕਰਮਾ ਦੇ ਆਸ਼ੀਰਵਾਦ ਨਾਲ ਸੂਬੇ ਨੂੰ ਹੋਏ ਨੁਕਸਾਨ ਦੀ ਪੂਰਤੀ ਨੂੰ ਯਕੀਨੀ ਬਣਾਉਣ ਲਈ ਯਤਨ ਕਰ ਰਹੀ ਹੈ।

ਕੈਬਨਿਟ ਮੰਤਰੀ ਸ੍ਰੀ ਸੌਂਦ ਨੇ ਕਿਹਾ ਕਿ ਅੱਜ ਵਿਸ਼ਵ ਭਰ ਵਿੱਚ ਉਦਯੋਗਿਕ ਅਤੇ ਬੁਨਿਆਦੀ ਢਾਂਚੇ ਵਿੱਚ ਜੋ ਵਿਕਾਸ ਹੋਇਆ ਹੈ, ਉਹ ਭਗਵਾਨ ਵਿਸ਼ਵਕਰਮਾ ਦੇ ਆਸ਼ੀਰਵਾਦ ਸਦਕਾ ਹੀ ਹੋਇਆ। ਉਹਨਾਂ ਕਿਹਾ ਕਿ ਯੁੱਗਾਂ ਤੋਂ ਸਾਰੇ ਬ੍ਰਹਿਮੰਡ ਦੇ ਰਚਨਾਕਾਰ ਭਗਵਾਨ ਵਿਸ਼ਵਕਰਮਾ ਨੂੰ ਸਾਰੀਆਂ ਉਦਯੋਗਿਕ ਗਤੀਵਿਧੀਆਂ ਵਿੱਚ ਲੋਕਾਂ ਵੱਲੋਂ ਵਰਤੀ ਜਾ ਰਹੀ ਸਾਰੀ ਮਸ਼ੀਨਰੀ ਅਤੇ ਉਪਕਰਨਾਂ ਦਾ ਸਵਾਮੀ




ਮੰਨਿਆ ਜਾਂਦਾ ਹੈ। ਮੰਤਰੀ ਨੇ ਕਿਹਾ ਕਿ ਸਾਰੇ ਕਾਰੀਗਰਾਂ ਅਤੇ ਇਮਾਰਤਸਾਜ਼ਾਂ ਦੇ ਇਸ ਮਹਾਨ ਦੇਵਤੇ ਨੇ ਸਾਡੇ ਕਾਰੀਗਰਾਂ, ਕਿਰਤੀਆਂ ਅਤੇ ਮਜ਼ਦੂਰ ਵਰਗ ਨੂੰ ਦੇਸ਼ ਦੇ ਵਿਕਾਸ ਲਈ ਸਖ਼ਤ ਮਿਹਨਤ ਕਰਨ ਦੇ ਨਾਲ-ਨਾਲ ਕਿਰਤ ਦੇ ਮਾਣ ਅਤੇ ਸਤਿਕਾਰ ਦੀ ਭਾਵਨਾ ਪੈਦਾ ਕਰਨ ਲਈ ਪ੍ਰੇਰਿਤ ਕੀਤਾ ਹੈ।ਮਜ਼ਦੂਰਾਂ ਅਤੇ ਕਾਰੀਗਰਾਂ ਨੂੰ ਸੂਬੇ ਅਤੇ ਰਾਸ਼ਟਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਠੋਸ ਉਪਰਾਲੇ ਕਰਨ ਦਾ ਸੱਦਾ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਭਗਵਾਨ ਵਿਸ਼ਵਕਰਮਾ ਜੀ ਨੂੰ ਸੱਚੀ ਅਤੇ ਢੁਕਵੀਂ ਸ਼ਰਧਾਂਜਲੀ ਹੋਵੇਗੀ। ਉਹਨਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਦੀ ਵਿਚਾਰਧਾਰਾ ਅਤੇ ਸਿੱਖਿਆਵਾਂ ਅਨੁਸਾਰ ਪੰਜਾਬ ਸਰਕਾਰ, ਰਾਜ ਭਰ ਦੇ ਨੌਜਵਾਨਾਂ ਨੂੰ ਹੁਨਰ ਸਿਖਲਾਈ ਦੇਣ ਤੇ ਜ਼ੋਰ ਦੇ ਰਹੀ ਹੈ ਤਾਂ ਜੋ ਉਹ ਸਵੈ-ਮਾਣ ਅਤੇ ਸਤਿਕਾਰ ਨਾਲ ਜੀਵਨ ਬਤੀਤ ਕਰ ਸਕਣ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਭਰ ਵਿੱਚ ਹੁਨਰ ਸਿਖਲਾਈ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਨੌਕਰੀਆਂ ਦੀ ਭਾਲ ਕਰਨ ਵਾਲਿਆਂ ਦੀ ਬਜਾਏ ਨੌਕਰੀਆਂ ਦੇਣ ਵਾਲੇ ਬਣਾਉਣ ਲਈ ਯਤਨਸ਼ੀਲ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬੀਆਂ ਨੂੰ ਉੱਦਮਤਾ ਅਤੇ ਅਗਵਾਈ ਦੇ ਗੁਣਾਂ ਦੀ ਬਖਸ਼ਿਸ਼ ਹੈ। ਸ੍ਰੀ ਸੌਂਦ ਨੇ ਕਿਹਾ ਕਿ ਇਨ੍ਹਾਂ ਗੁਣਾਂ ਸਦਕਾ ਹੀ ਪੰਜਾਬੀਆਂ ਨੇ ਦੁਨੀਆ ਭਰ ਵਿੱਚ ਆਪਣਾ ਵੱਖਰਾ ਸਥਾਨ ਬਣਾਇਆ ਹੈ। ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਜਿਵੇਂ ਭਗਵਾਨ ਵਿਸ਼ਵਕਰਮਾ ਨੇ ਇੱਟ ਨਾਲ ਇੱਟ ਜੋੜ ਕੇ ਸਮੁੱਚੇ ਬ੍ਰਹਿਮੰਡ ਦੀ ਰਚਨਾ ਕੀਤੀ ਹੈ, ਉਸੇ ਤਰ੍ਹਾਂ ਹੁਣ ਸਮਾਂ ਆ ਗਿਆ ਹੈ, ਜਦੋਂ ਸਾਨੂੰ ਦੇਸ਼ ਦੇ ਬੁਨਿਆਦੀ ਸਮਾਜਿਕ ਤਾਣੇ-ਬਾਣੇ ਨੂੰ ਮਜ਼ਬੂਤ ਕਰਕੇ ਆਪਣੇ ਰਾਸ਼ਟਰ ਦਾ ਨਿਰਮਾਣ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਸਾਨੂੰ ਸਾਰਿਆਂ ਨੂੰ ਹੱਥ ਮਿਲਾਉਣਾ ਹੋਵੇਗਾ ਅਤੇ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਦੇਸ਼ ਨੂੰ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ ਤੇ ਤੋਰਿਆ ਜਾਵੇ। ਉਹਨਾਂ ਨੇ ਇਸ ਨੇਕ ਕਾਰਜ ਅਤੇ ਦੇਸ਼ ਦੇ ਵਡੇਰੇ ਹਿੱਤਾਂ ਲਈ ਲੋਕਾਂ ਤੋਂ ਸਹਿਯੋਗ ਦੀ ਮੰਗ ਕੀਤੀ।

ਰੋਜ਼ਾਨਾ ਲੋਕ ਬਾਣੀ www.lokbani

# ਬਾਬਾ ਵਿਸ਼ਵਕਰਮਾ ਨੇ ਦੁਨੀਆਂ ਨੂੰ ਹੱਥੀਂ ਕਿਰਤ ਦਾ ਸੁਨੇਹਾ ਦਿੱਤਾ- ਧਾਲੀਵਾਲ

ਅੰਮ੍ਰਿਤਸਰ, (ਲੋਕ ਬਾਣੀ)- ਬਾਬਾ ਵਿਸ਼ਵਕਰਮਾ ਦਿਵਸ ਸਬੰਧੀ ਕਰਵਾਏ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਕਰਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ




ਧਾਲੀਵਾਲ ਨੇ ਕਿਹਾ ਕਿ ਬਾਬਾ ਵਿਸ਼ਵਕਰਮਾ ਜੀ ਨੇ ਦੁਨੀਆਂ ਭਰ ਦੇ ਲੋਕਾਂ ਨੂੰ ਹੱਥੀਂ ਕਿਰਤ ਕਰਨ ਦਾ ਸੁਨੇਹਾ ਦਿੱਤਾ ਅਤੇ ਸਾਡੇ ਸਭਨਾਂ ਲਈ ਇਹ ਮਾਣ ਵਾਲੀ ਗੱਲ ਹੈ ਅੱਜ ਅਸੀਂ ਉਸ ਮਹਾਨ ਸਖਸ਼ੀਅਤ ਦੇ ਦਿਹਾੜੇ ਨੂੰ ਸਮਰਪਿਤ ਸਮਾਗਮ ਵਿੱਚ ਇਕੱਤਰ ਹੋਏ ਹਾਂ। ਉਨ੍ਹਾਂ ਕਿਹਾ ਕਿ ਬਾਬਾ ਵਿਸ਼ਵਕਰਮਾ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹਨ ਅਤੇ ਉਨ੍ਹਾਂ ਵੱਲੋਂ ਵਿਖਾਏ ਰਾਹ ਤੇ ਚੱਲਦੇ ਹੋਏ ਸਮਾਜ ਵਿੱਚੋਂ ਕਈ ਤਰ੍ਹਾਂ ਦੀਆਂ ਲਾਹਣਤਾਂ ਦਾ ਖਾਤਮਾ ਕੀਤਾ ਜਾ ਸਕਦਾ ਹੈ।

ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਅੱਜ ਸਮਾਜ ਅੰਦਰ ਫੈਲ ਰਹੇ ਨਸ਼ਿਆਂ ਨੂੰ ਖਤਮ ਕਰਨਾ ਬਹੁਤ ਜਰੂਰੀ ਹੈ ਅਤੇ ਗੁਰੂ ਸਾਹਿਬਾਨ ਵੱਲੋਂ ਵਿਖਾਏ ਮਾਰਗ ਤੇ ਚੱਲ ਕੇ ਹੀ ਨਸ਼ਿਆਂ ਦਾ ਖਾਤਮਾ ਕੀਤਾ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਗੁਰੂ ਤੇ ਗੁਰਬਾਣੀ ਦੇ ਲੜ ਲੱਗਣ ਦਾ ਸੱਦਾ ਦਿੰਦਿਆਂ ਕਿਹਾ ਕਿ ਅੱਜ ਲੋੜ ਹੈ ਕਿ ਆਪਣੇ ਬੱਚਿਆਂ ਨੂੰ ਗੁਰਬਾਣੀ ਨਾਲ ਜੋੜਿਆ ਜਾਵੇ ਕਿਉਂਕਿ ਇਹੋ ਇੱਕ ਅਜਿਹਾ ਸੱਚਾ ਰਾਹ ਹੈ ਜਿਸ ਨਾਲ ਸਾਡੇ ਬੱਚੇ ਸਮਾਜਿਕ ਲਾਹਣਤਾਂ ਤੋਂ ਬੱਚਦੇ ਹੋਏ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਨ।

ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਓ.ਐਸ.ਡੀ ਗੁਰਜੰਟ ਸਿੰਘ ਸੋਹੀ, ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਸ਼ਹਿਰੀ ਪ੍ਰਧਾਨ ਅਮਿਤ ਔਲ, ਪ੍ਰਧਾਨ ਠੇਕੇਦਾਰ ਵਰਿਆਮ ਸਿੰਘ ਨੰਗਲ, ਬਲਜਿੰਦਰ ਸਿੰਘ ਮਾਹਲ, ਸ਼ਿਵਦੀਪ ਸਿੰਘ ਚਾਹਲ, ਕਾਬਲ ਸਿੰਘ ਸ਼ਾਹਪੁਰ, ਸੁੱਖਵਿੰਦਰ ਸਿੰਘ ਨਾਗੀ, ਕਰਤਾਰ ਸਿੰਘ, ਤਰਸੇਮ ਸਿੰਘ, ਅਮਰਜੀਤ ਸਿੰਘ, ਰਣਜੀਤ ਸਿੰਘ ਅਤੇ ਹੋਰ ਵਿਅਕਤੀ ਹਾਜ਼ਰ ਸਨ। ਸਰਦਾਰ ਧਾਲੀਵਾਲ ਨੇ ਮਿਸਤਰੀ ਕਰਤਾਰ ਸਿੰਘ ਨੂੰ ਸਰੋਪਾ ਦੇ ਕੇ ਸਨਮਾਨਿਤ ਕੀਤਾ।

ਰੋਜ਼ਾਨਾ ਲੋਕ ਬਾਣੀ www.lokbani

# ਅੰਮ੍ਰਿਤਸਰ ਵਿੱਚ ਦਿਵਾਲੀ ਦੀਆਂ ਦੋ ਰਾਤਾਂ ਦੇ ਦੌਰਾਨ 56 ਜਗ੍ਹਾ ਲੱਗੀ ਅੱਗ, ਜਾਨੀ ਨੁਕਸਾਨ ਦਾ ਹੋਇਆ ਬਚਾਓ

ਅੰਮ੍ਰਿਤਸਰ, (ਲੋਕ ਬਾਣੀ)- ਦਿਵਾਲੀ ਦੇ ਤਿਓਹਾਰ ਤੇ 31 ਅਕਤੂਬਰ ਦੀ ਰਾਤ ਨੂੰ ਵੱਖ ਵੱਖ ਫਾਇਰ ਸਟੇਸ਼ਨਾਂ ਦੇ ਕਰਮਚਾਰੀਆਂ ਵੱਲੋਂ ਪੂਰੀ ਮੁਸਤੈਦੀ ਦੇ ਨਾਲ ਕੰਮ ਕਰਦਿਆਂ 12 ਅਤੇ ਇਕ ਨਵੰਬਰ ਨੂੰ ਮਨਾਏਗੀ ਦਿਵਾਲੀ ਵਾਲੀ ਰਾਤ ਨੂੰ 46 ਜਗ੍ਹਾ ਤੇ ਲੱਗੀ ਅੱਗ ਤੇ ਕਾਬੂ ਪਾਇਆ ਗਿਆ। ਟੂੰਡਾ ਤਲਾਬ ਦੇ ਕਰੀਬ ਅਤੇ 66 ਫਰਨੀਚਰ ਹਾਊਸ ਨੂੰ ਲੱਗੀ ਅੱਗ ਦੌਰਾਨ ਅਤੇ ਗੋਲ ਬਾਗ ਦੇ ਕਰੀਬ ਹੋਟਲ ਅਤੇ ਰਿਹਾਇਸ਼ੀ ਇਲਾਕੇ ਦੇ ਵਿੱਚ ਲੱਗੀ ਅੱਗ ਦੇ ਨਾਲ ਕਾਫੀ ਨੁਕਸਾਨ ਹੋਇਆ। ਇਸ ਤੋਂ ਇਲਾਵਾ ਖੰਡ ਵਾਲਾ ਚੌਂਕ ਫੈਕਟਰੀ ਦੇ ਵਿੱਚ ਪਏ ਬੇਕਾਰ ਸਮਾਨ ਬਟਾਲਾ ਰੋਡ ਪਟਾਕਾ ਮਾਰਕੀਟ ਸ਼ਿਵਾਲਾ ਭਾਈਆਂ ਦੇ ਕਰੀਬ ਇੱਕ ਰਿਹਾਇਸ਼ ਗੁਰੂ ਨਾਨਕ ਦੇਵ ਹੋਸਪੀਟਲ ਦੇ ਕਰੀਬ ਆਨੰਦ ਐਵਨਿਊ ਵਿਖੇ ਰਿਹਾਇਸ਼ ਅਰੋੜਾ ਹਸਪਤਾਲ ਛੇਹਰਟਾ ਅਤੇ ਰਤਨ ਸਿੰਘ ਚੌਂਕ ਦੇ ਕਰੀਬ ਪਏ ਕੂੜੇ ਤੇ ਲੱਗੀ ਅੱਗ ਸਮੇਤ ਇਕ ਨਵੰਬਰ ਦੀ ਰਾਤ ਨੂੰ ਵੱਖ-ਵੱਖ 46 ਜਗ੍ਹਾ ਤੇ ਲੱਗੀਆਂ ਅੱਗਾਂ ਦੇ ਉੱਪਰ ਫਾਇਰ ਬ੍ਰਿਗੇਡ ਕਰਮਚਾਰੀਆਂ ਵੱਲੋਂ ਕਾਬੂ ਪਾਇਆ ਗਿਆ ਇਹਨਾਂ ਘਟਨਾ ਦੇ ਦੌਰਾਨ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ। ਅੱਗ ਬਜਾਉਣ ਦੇ ਦੌਰਾਨ ਫਾਇਰ ਬ੍ਰਿਗੇਡ ਨਗਰ ਨਿਗਮ ਅਜਨਾਲਾ ਟਾਊਨ ਹਾਲ ਫੋਕਲ ਪੁਆਇੰਟ ਬੇਰੀਗੇਟ ਸਿਵਲ ਲਾਈਨ ਸੇਵਾ ਸੁਸਾਇਟੀ ਦੇ ਫਾਇਰ ਸਟੇਸ਼ਨਾਂ ਦੇ ਕਰਮਚਾਰੀਆਂ ਵੱਲੋਂ ਅਹਿਮ ਭੂਮਿਕਾ ਅਦਾ ਕੀਤੀ ਗਈ।



ਦਿਵਾਲੀ ਦੇ ਤਿਓਹਾਰ ਤੇ ਕਿਸੇ ਅਣਸੁਖਾਵੀ ਘਟਨਾ ਦੀ ਰੋਕਥਾਮ ਨੂੰ ਲੈ ਕੇ ਨਗਰ ਨਿਗਮ ਦਾ ਫਾਇਰ ਬ੍ਰਿਗੇਡ ਵਿਭਾਗ ਪੂਰੀ ਤਰ੍ਹਾਂ ਤਿਆਰ ਬਰ ਤਿਆਰ ਸੀ। ਆਮ ਜਨਤਾ ਜਿੱਥੇ ਆਪਣੇ ਪਰਿਵਾਰਿਕ ਤੇ ਰਿਸ਼ਤੇਦਾਰਾਂ ਦੇ ਨਾਲ ਦਿਵਾਲੀ ਦੇ ਤਿਓਹਾਰ ਮਨਾਉ। ਉਥੇ ਫਾਇਰ ਬ੍ਰਿਗੇਡ ਅਧਿਕਾਰੀ ਅਤੇ ਕਰਮਚਾਰੀ ਆਪਣੇ ਘਰ ਦਿਆਂ ਤੋਂ ਦੂਰ ਰਹਿ ਕੇ ਭੁੱਖ ਤੇ ਪਿਆਸ ਦੀ ਪਰਵਾਹ ਕੀਤੇ ਬਗੈਰ ਜਨ ਸੇਵਾ ਦੇ ਲਈ ਹਾਜ਼ਰ ਰਹੇ। ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਫਾਇਰ ਬ੍ਰਿਗੇਡ ਅਧਿਕਾਰੀ ਦਿਲਬਾਗ ਸਿੰਘ ਏ.ਡੀ.ਐਫ.ਓ,ਐਫ.ਐਸ.ਓ ਸਮੇਤ ਸਬ ਫਾਇਰ ਅਧਿਕਾਰੀਆਂ ਨਾਲ ਬੈਠਕ ਕਰਦੇ ਹੋਏ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਖਾਸ ਡਿਊਟੀਆਂ ਲਗਾਈਆਂ ਗਈਆਂ ਸਨ।

ਦਿਵਾਲੀ ਦੇ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਦੇ ਬਚਾਓ ਨੂੰ ਲੈ ਕੇ ਫਾਇਰ ਸਟੇਸ਼ਨਾਂ ਤੇ ਅਧਿਕਾਰੀਆਂ ਅਤੇ ਕਰਮਚਾਰੀ ਦੀਆਂ ਤਿੰਨ ਦੀ ਜਗ੍ਹਾ ਦੋ ਦੋ ਸ਼ਿਫਟਾਂ ਕਰ ਦਿੱਤੀਆਂ ਗਈਆਂ। ਅਧਿਕਾਰੀ ਦਿਲਬਾਗ ਸਿੰਘ ਨੇ ਦੱਸਿਆ ਕਿ ਟਾਊਨ ਹਾਲ, ਗਿੱਲਵਾਲੀ ਗੇਟ,ਬੇਰੀ ਗੇਟ, ਸਿਵਲ ਲਾਈਨ,ਫੋਕਲ ਪੁਆਇੰਟ ਵਿਖੇ ਪੰਜ ਫਾਇਰ ਸਟੇਸ਼ਨਾਂ ਤੇ ਤਿਆਰੀਆਂ ਮੁਕੰਮਲ ਸਨ। ਇਸ ਤੋਂ ਇਲਾਵਾ ਖਾਲਸਾ ਕਾਲਜ, ਘਿਓ ਮੰਡੀ ਵਿਖੇ ਵੀ ਟੀਮਾਂ ਤੈਨਾਤ ਹਨ। ਪ੍ਰਾਈਵੇਟ ਤੌਰ ਤੇ ਸੇਵਾ ਸੰਮਤੀ, ਖੰਨਾ ਪੇਪਰ ਮਿਲ,ਏਅਰਪੋਰਟ ਏਅਰ ਫੋਰਸ,ਅਜਨਾਲਾ, ਮਜੀਠਾ ਅਤੇ ਜੰਡਿਆਲਾ ਕਰੀਬ 14 ਫਾਇਰ ਟੈਂਕਰ ਮੁਹਈਆ ਕਰਨ ਲਈ ਤਾਲਮੇਲ ਕੀਤਾ ਗਿਆ। ਉਹਨਾਂ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਵੱਖ-ਵੱਖ ਗੱਡੀਆਂ ਤੇ 4 ਸਰਕਾਰੀ ਅਤੇ 21 ਆਊਟਸੋਰਸਿਜ ਡਰਾਈਵਰ ਤੈਨਾਤ ਹਨ। ਇਹਨਾਂ ਤੋਂ ਇਲਾਵਾ 14 ਰੈਗੂਲਰ ਅਤੇ 62 ਆਊਟ ਸੋਰਸਜ਼ ਫਾਇਰਮੈਨ ਤਿਆਰ ਬਰ ਤਿਆਰ ਰਹੇ। ਨਗਰ ਨਿਗਮ ਵਿਭਾਗ ਅੱਗ ਬਝਾਉਣ ਲਈ ਕੁੱਲ 11 ਛੋਟੀਆਂ ਵੱਡੀਆਂ ਗੱਡੀਆਂ, ਛੋਟੇ ਬਾਜ਼ਾਰਾਂ ਵਿੱਚ ਜਾਣ ਲਈ ਦੋ ਕੁਇਕ ਰਿਸਪਾਂਸ ਵਹੀਕਲਾਂ ਸਮੇਤ 22 ਮੀਟਰ ਉਚਾਈ ਤੱਕ ਅੱਗ ਬੁਝਾਉਣ ਦੀ ਸਮਰੱਥਾ ਵਾਲੀ ਇੱਕ ਹਾਈਡਰੋਲਿਕ ਪਲੇਟਫਾਰਮ ਵਾਹਣਾਂ ਦੀ ਪੂਰੀ ਤਿਆਰੀ ਕੀਤੀ ਗਈ।

ਰੋਜ਼ਾਨਾ ਲੋਕ ਬਾਣੀ www.lokbani

# ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ ਖਰੜ ਤੋਂ ਪ੍ਰਭਾਤ ਫੇਰੀਆਂ ਆਰੰਭ



ਖਰੜ, (ਕਾਲਾ ਸਿੰਘ ਸੈਣੀ ):-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਮਾਤਾ ਗੁਜਰੀ ਜੀ,ਸਵਰਾਜ ਨਗਰ ਖਰੜ ਤੋਂ ਪ੍ਰਭਾਤ ਫੇਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬਲਵੀਰ ਸਿੰਘ,ਜਸਬੀਰ ਸਿੰਘ ਸੰਧੂ, ਦੇਵਿੰਦਰ ਸਿੰਘ ਬਰਮੀ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁ.ਸਾਹਿਬ ਤੋਂ ਸੰਗਤਾਂ ਦੇ ਸਹਿਯੋਗ ਨਾਲ ਪ੍ਰਭਾਤ ਫੇਰੀਆਂ ਆਰੰਭ ਕਰ ਦਿੱਤੀਆਂ ਹਨ। ਉਨਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ10 ਨਵੰਬਰ ਨੂੰ ਅੰਮ੍ਰਿਤ ਵੇਲੇ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ 13 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ। ਉਨਾਂ ਦੱਸਿਆ ਕਿ 15 ਨਵੰਬਰ ਨੂੰ ਪ੍ਰਕਾਸ਼ ਪੁਰਬ ਦੇ ਦਿਹਾੜੇ ਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰਦਾਸ ਤੋਂ ਉਪਰੰਤ ਦੀਵਾਨ ਸਜਾਏ ਜਾਣਗੇ। ਇਸ ਮੌਕੇ ਪ੍ਰਸਿੱਧ ਰਾਗੀ,ਢਾਡੀ,ਕਵੀਸਰੀ ਜਥੇ ਅਤੇ ਕਥਾਵਾਚਕ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਬਲਵਿੰਦਰ ਸਿੰਘ,ਅਮਰ ਸਿੰਘ,ਗੁਰਸ਼ਰਨ ਸਿੰਘ,ਰਜਿੰਦਰ ਸਿੰਘ ਸਮੇਤ ਸਮੂਹ ਸੰਗਤਾਂ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਾਨਪੁਰ ਚ ਕਿਹਾ- ਜੰਮੂ-ਕਸ਼ਮੀਰ ਚ ਅੱਤਵਾਦ ਦਾ ਪੂਰੀ ਤਰ੍ਹਾਂ ਖਾਤਮਾ ਹੋਵੇਗਾ

ਕਾਨਪੁਰ।(ਸੁਨੀਲ ਬਾਜਪਾਈ) ਜੰਮੂ-ਕਸ਼ਮੀਰ ਚ ਪਹਿਲੇ ਸਮਿਆਂ ਚ ਜਿੰਨੀਆਂ ਅੱਤਵਾਦੀ ਘਟਨਾਵਾਂ ਹੁੰਦੀਆਂ ਸਨ, ਉਸ ਦੇ ਮੁਕਾਬਲੇ ਹੁਣ ਘਟਨਾਵਾਂ ਕਾਫੀ ਘੱਟ ਗਈਆਂ ਹਨ।

ਹੁਣ ਉੱਥੇ ਸੁਰੱਖਿਆ ਫੋਰਸ ਪੂਰੀ ਤਰ੍ਹਾਂ ਚੌਕਸ ਹੈ। ਉੱਥੇ ਅਜਿਹੀ ਸਥਿਤੀ ਪੈਦਾ ਹੋਵੇਗੀ ਕਿ ਅੱਤਵਾਦ ਦਾ ਪੂਰੀ ਤਰ੍ਹਾਂ ਖਾਤਮਾ ਹੋ ਜਾਵੇਗਾ। ਇੰਨਾ ਹੀ ਨਹੀਂ ਜੰਮੂ-ਕਸ਼ਮੀਰ ਚ ਵੀ ਤੇਜ਼ੀ ਨਾਲ ਵਿਕਾਸ ਹੋ ਰਿਹਾ ਹੈ।

ਦੇਸ਼ ਦੇ ਰੱਖਿਆ ਮੰਤਰੀ ਰਾਜਨਾਥ ਸਿੰਘ, ਜੋ ਅੱਜ ਸ਼ਨੀਵਾਰ ਨੂੰ ਆਈਆਈਟੀ ਦੇ 65ਵੇਂ ਸਥਾਪਨਾ ਦਿਵਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਆਏ ਸਨ, ਨੇ ਪੱਤਰਕਾਰਾਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਵਿੱਚ ਇਹ ਗੱਲ ਕਹੀ।



ਇਸ ਤੋਂ ਪਹਿਲਾਂ ਰੱਖਿਆ ਮੰਤਰੀ ਨੇ ਹਰਿਹਰਧਾਮ ਵਿੱਚ ਆਪਣੇ ਧਾਰਮਿਕ ਗੁਰੂ ਨਾਲ ਮੁਲਾਕਾਤ ਕੀਤੀ। ਬਾਅਦ ਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਜੰਮੂ-ਕਸ਼ਮੀਰ ਚ ਅੱਤਵਾਦੀ ਘਟਨਾਵਾਂ ਚ ਕਾਫੀ ਕਮੀ ਆਈ ਹੈ। ਹਾਲ ਹੀ ਵਿੱਚ ਦੋ-ਚਾਰ ਘਟਨਾਵਾਂ ਵਾਪਰੀਆਂ ਹਨ ਜੋ ਬਹੁਤ ਮੰਦਭਾਗੀਆਂ ਹਨ। ਜੋ ਵੀ ਘਟਨਾਵਾਂ ਵਾਪਰ ਰਹੀਆਂ ਹਨ, ਅਸੀਂ ਉਸ ਦਾ ਜਵਾਬ ਵੀ ਦੇ ਰਹੇ ਹਾਂ। ਕਈ ਅੱਤਵਾਦੀ ਵੀ ਮਾਰੇ ਗਏ ਹਨ।

ਭਾਰਤ ਅਤੇ ਚੀਨ ਦੇ ਸਬੰਧਾਂ ਤੇ ਸਵਾਲਾਂ ਦਾ ਜਵਾਬ ਦਿੰਦਿਆਂ ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਆਪਣੇ ਸਾਰੇ ਗੁਆਂਢੀ ਦੇਸ਼ਾਂ ਨਾਲ ਚੰਗੇ ਸਬੰਧ ਬਣਾ ਰਿਹਾ ਹੈ।

ਰੱਖਿਆ ਮੰਤਰੀ ਨੇ ਕਿਹਾ ਕਿ ਭਾਰਤ ਅਤੇ ਚੀਨ ਵਿਚਾਲੇ ਡੇਢ ਸਾਲ ਤੋਂ ਇਸ ਸਬੰਧ ਚ ਲਗਾਤਾਰ ਗੱਲਬਾਤ ਚੱਲ ਰਹੀ ਹੈ।

ਰੱਖਿਆ ਮੰਤਰੀ ਨੇ ਇਹ ਵੀ ਕਿਹਾ ਕਿ ਫੌਜ ਪੱਧਰ ਤੇ ਵੀ. ਸਭ ਕੁਝ ਹੱਲ ਕੀਤਾ ਗਿਆ ਹੈ. ਭਾਰਤ ਅਤੇ ਚੀਨ ਦੀ ਸਰਹੱਦ ਤੇ ਗਸ਼ਤ ਸ਼ੁਰੂ ਹੋ ਗਈ ਹੈ, ਜਿਵੇਂ ਕਿ ਹੋਣੀ ਚਾਹੀਦੀ ਸੀ। ਇਸ ਦੌਰਾਨ ਕੌਂਸਲਰ ਪਾਰਟੀ ਆਗੂ ਨਵੀਨ ਪੰਡਿਤ ਅਤੇ ਭਾਜਪਾ ਆਗੂ ਪੂਨਮ ਦਿਵੇਦੀ ਆਦਿ ਵੀ ਉਨ੍ਹਾਂ ਨੂੰ ਮਿਲਣ ਲਈ ਪੁੱਜੇ।

# ਭਗਵਾਨ ਸ੍ਰੀ ਵਿਸ਼ਵਕਰਮਾ ਮੰਦਰ 'ਚ ਪੂਜਾ ਮਹਾਂ ਉਤਸਵ ਮਨਾਇਆ



ਖਰੜ ( ਕਾਲਾ ਸਿੰਘ ਸੈਣੀ ):-ਭਗਵਾਨ ਵਿਸ਼ਵਕਰਮਾ ਦੇ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਵਿਸ਼ਵਕਰਮਾ ਸਭਾ ਖਰੜ ਵਲੋਂ ਸ਼ਹਿਰ ਨਿਵਾਸੀਆਂ ਅਤੇ ਖਰੜ ਸ਼ਹਿਰ ਦੇ ਦੁਕਾਨਦਾਰਾਂ ਦੇ ਸਹਿਯੋਗ ਨਾਲ ਭਗਵਾਨ ਸ੍ਰੀ ਵਿਸ਼ਵਕਰਮਾ ਮੰਦਰ ਬਡਾਲਾ ਰੋਡ ਖਰੜ ਵਿਖੇ 'ਪੂਜਾ ਮਹਾਂ ਉਤਸਵ' ਨੂੰ ਲੈ ਕੇ ਸਮਾਗਮ ਕਰਵਾਇਆ ਗਿਆ। ਮੰਦਰ ਵਿਚ ਸਵੇਰ ਤੋਂ ਹੀ ਖਰੜ ਦੇ ਦੁਕਾਨਦਾਰਾਂ ਅਤੇ ਸ਼ਹਿਰ ਨਿਵਾਸੀਆਂ ਨੇ ਵੱਡੀ ਗਿਣਤੀ ਵਿਚ ਜਾ ਕੇ ਮੱਥਾ ਟੇਕਿਆ ਅਤੇ ਲੰਗਰਾਂ ਵਿਚ ਸੇਵਾ ਕੀਤੀ। ਇਸ ਮੌਕੇ ਪੰਡਿਤ ਸੰਜੀਵ ਸ਼ਰਮਾ ਵਲੋਂ ਹਵਨ ਕੀਤਾ ਗਿਆ ਜਿਸ ਵਿਚ ਸ਼ਹਿਰ ਨਿਵਾਸੀਆਂ ਨੇ ਪੁੱਜ ਕੇ ਹਾਜਰੀ ਲਗਵਾਈ। ਢਾਡੀ ਜਥਾ ਕਮਲਜੀਤ ਸਿੰਘ ਕੋਮਲ ਠੀਕਰੀਵਾਲ ਵਾਲਿਆਂ ਵਲੋਂ ਵਾਰਾਂ ਪੇਸ਼ ਕਰਦੇ ਹੋਏ ਇਤਿਹਾਸ ਪੜਿਆ। ਸਭਾ ਦੇ ਪ੍ਰਧਾਨ ਹਰਦਿਆਲ ਸਿੰਘ, ਪਰਵੀਨ ਧੀਮਾਨ ਸੇਵਾਦਾਰ ਨੇ ਦਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਮੰਦਰ ਵਿਚ ਝੰਡਾ ਚੜਾਇਆ ਗਿਆ ਅਤੇ ਸਰਧਾਲੂਆਂ ਅਤੇ ਸੰਗਤਾਂ ਲਈ ਲੰਗਰ ਵਰਤਾਇਆ ਗਿਆ। ਇਸ ਮੌਕੇ ਬਲਜੀਤ ਸਿੰਘ, ਤੀਰਥ ਬਾਹਰਾ, ਗੀਤਿਕ ਧੀਮਾਨ ਸਮੇਤ ਖਰੜ ਸ਼ਹਿਰ ਦੇ ਦੁਕਾਨਦਾਰ ਅਤੇ ਸ਼ਹਿਰ ਨਿਵਾਸੀ ਹਾਜ਼ਰ ਸਨ।

**ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।**

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਲਹਿੰਦੇ ਪੰਜਾਬ ਦੇ ਪੰਜਾਬੀਆਂ ਨੂੰ ਸਕੂਲਾਂ ਵਿਚ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਹੋਣ ਤੇ ਵਧਾਈ





ਫਗਵਾੜਾ ( / ਸੁਸ਼ੀਲ ਸ਼ਰਮਾ) ਪੰਜਾਬੀ, ਲੇਖਕਾਂ, ਪੱਤਰਕਾਰਾਂ ਅਤੇ ਬੁੱਧੀਜੀਵੀਆਂ ਦੀ ਜਥੇਬੰਦੀ ਪੰਜਾਬ ਚੇਤਨਾ ਮੰਚ ਵਲੋਂ ਚੜ੍ਹਦੇ ਪੰਜਾਬ ਦੇ ਸਮੂਹ ਪੰਜਾਬੀਆਂ ਨੂੰ 59ਵੇਂ ਪੰਜਾਬ ਦਿਵਸ ਦੀ ਅਤੇ ਲਹਿੰਦੇ ਪੰਜਾਬ ਦੇ ਸਮੂਹ ਪੰਜਾਬੀਆਂ ਨੂੰ ਲਹਿੰਦੇ ਪੰਜਾਬ ਦੀ ਅਸੰਬਲੀ ਵਲੋਂ ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਸਰਕਾਰੀ ਸਕੂਲਾਂ ਵਿਚ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਦੀ ਵਿਵਸਥਾ ਕਰਨ ਲਈ ਵਧਾਈ ਦਿੱਤੀ ਗਈ ਹੈ।

ਪੰਜਾਬ ਚੇਤਨਾ ਮੰਚ ਦੇ ਆਗੂਆਂ ਪ੍ਰਧਾਨ ਡਾ. ਲਖਵਿੰਦਰ ਸਿੰਘ ਜੌਹਲ, ਜਨਰਲ ਸਕੱਤਰ ਸਤਨਾਮ ਸਿੰਘ ਮਾਣਕ, ਜਥੇਬੰਦ ਸਕੱਤਰ ਗੁਰਮੀਤ ਪਲਾਹੀ, ਦੁਆਬੇ ਦੇ ਸਕੱਤਰ ਰਵਿੰਦਰ ਚੋਟ, ਮਾਝੇ ਦੇ ਸਕੱਤਰ ਰਾਜਿੰਦਰ ਸਿੰਘ ਰੂਬੀ, ਮਾਲਵੇ ਦੇ ਸਕੱਤਰ ਗੁਰਚਰਨ ਸਿੰਘ ਨੂਰਪੁਰ ਤੇ ਚੰਡੀਗੜ੍ਹ ਦੇ ਸਕੱਤਰ ਦੀਪਕ ਚਨਾਰਥਲ ਵਲੋਂ ਜਾਰੀ ਬਿਆਨ ਵਿਚ ਕਿਹਾ ਗਿਆ ਹੈ ਕਿ ਲਹਿੰਦੇ ਪੰਜਾਬ ਦੇ ਪੰਜਾਬੀ ਲੇਖਕ, ਪੱਤਰਕਾਰ, ਕਲਾਕਾਰ ਤੇ ਬੁੱਧੀਜੀਵੀ ਪਾਕਿਸਤਾਨ ਬਣਨ ਦੇ ਸਮੇਂ ਤੋਂ ਹੀ ਸਕੂਲਾਂ ਵਿਚ ਪੰਜਾਬੀਆਂ ਦੀ ਮਾਂ-ਬੋਲੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਦੀ ਮੰਗ ਮੰਨਵਾਉਣ ਲਈ ਜੱਦੋ-ਜਹਿਦ ਕਰਦੇ ਆ ਰਹੇ ਸਨ ਅਤੇ ਆਖਰ ਉਨ੍ਹਾਂ ਦੇ ਸੰਘਰਸ਼ ਦੀ ਜਿੱਤ ਹੋਈ ਹੈ। ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਸ਼ਰੀਫ਼, ਪੰਜਾਬੀ ਦਾ ਮਤਾ ਪੇਸ਼ ਕਰਨ ਵਾਲੇ ਅਸੰਬਲੀ ਮੈਂਬਰ ਅਮਜਦ ਅਲੀ ਜਾਵੇਦ, ਸਪੀਕਰ ਮਲਿਕ ਅਹਿਮਦ ਖ਼ਾਨ ਅਤੇ ਉਨ੍ਹਾਂ ਦਾ ਸਮੁੱਚਾ ਮੰਤਰੀ ਮੰਡਲ ਅਤੇ ਪੰਜਾਬ ਅਸੰਬਲੀ ਦੇ ਸਮੂਹ ਮੈਂਬਰ ਵੀ ਇਸ ਇਤਿਹਾਸਕ ਫ਼ੈਸਲੇ ਲਈ ਵਧਾਈ ਦੇ ਪਾਤਰ ਹਨ। ਦੋਵਾਂ ਪੰਜਾਬਾਂ ਵਿਚ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਪੰਜਾਬੀ ਦੀ ਪੜ੍ਹਾਈ ਨੂੰ ਉਤਸ਼ਾਹਿਤ ਕਰਨ ਨਾਲ ਦੋਵਾਂ ਪੰਜਾਬਾਂ ਵਿਚਕਾਰ ਬੋਲੀ ਤੇ ਸੱਭਿਆਚਾਰ ਦੀਆਂ ਸਾਂਝਾਂ ਨੂੰ ਨਾ ਕੇਵਲ ਜੀਵਤ ਰੱਖਿਆ ਜਾ ਸਕੇਗਾ ਸਗੋਂ ਹੋਰ ਵੀ ਮਜ਼ਬੂਤ ਬਣਾਇਆ ਜਾ ਸਕਦਾ ਹੈ। ਪੰਜਾਬ ਚੇਤਨਾ ਮੰਚ ਦੇ ਆਗੂਆਂ ਵਲੋਂ ਪੰਜਾਬੀਆਂ ਤੇ ਸਮੂਹ ਦੇਸ਼ ਵਾਸੀਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਵੀ ਵਧਾਈ ਦਿੱਤੀ ਗਈ ਹੈ।

## ਦੁਬਿਧਾ

ਸ਼ਰੁਤੀ ਤੇ ਆਕਾਸ਼ ਵੱਖ ਵੱਖ ਕਾਲਜਾਂ ਵਿੱਚ ਪ੍ਰੋਫ਼ੈਸਰ ਸਨ। ਘਰ ਆਉਣ ਤੇ ਸਾਰੇ ਕੰਮਾਂ ਨੂੰ ਦੋਹਾਂ ਨੇ ਆਪੋ ਆਪਣੇ ਹਿਸਾਬ ਨਾਲ ਵੰਡਿਆ ਹੋਇਆ ਸੀ। ਅਕਸਰ ਸਬਜ਼ੀ ਲਿਆਉਣ ਤੇ ਬਾਜ਼ਾਰ ਦੇ ਕੰਮਾਂ ਨੂੰ ਕਰਨ ਦਾ ਜ਼ਿੰਮਾ ਆਕਾਸ਼ ਦਾ ਸੀ ਤੇ ਸ਼ਰੁਤੀ ਰੋਟੀ ਚਾਹ ਦਾ ਕੰਮ ਸੰਭਾਲਦੀ। ਸਫ਼ਾਈ ਤੇ ਕੱਪੜੇ ਧੋਣ ਲਈ ਉਨ੍ਹਾਂ ਨੇ ਇੱਕ ਨੌਕਰਾਣੀ ਰੱਖੀ ਹੋਈ ਸੀ। ਆਕਾਸ਼ ਜਦ ਵੀ ਘਰੋਂ ਬਾਹਰ ਸਬਜ਼ੀ ਲੈਣ ਜਾਂਦਾ ਤਾਂ ਅਕਸਰ ਦੁਕਾਨ ਤੇ ਜਾ ਕੇ ਪਤਨੀ ਨੂੰ ਫ਼ੋਨ ਕਰਕੇ ਪੁੱਛਦਾ, ਕੀ ਲਿਆਵਾਂ ? ਆਟਾ ਗੁੰਨਦੀ ਬੀਵੀ ਖਿਝੀ ਹੋਈ ਕਹਿੰਦੀ, ਮੈਨੂੰ ਕੀ ਪਤਾ ? ਦੁਕਾਨ ਤੇ ਤਾਂ ਤੁਸੀਂ ਖੜ੍ਹੇ ਹੋ। ਜੋ ਪਸੰਦ ਹੈ, ਚੰਗੀ ਹੈ, ਲੈ ਆਓ।' ਵਿਚਾਰਾ ਆਕਾਸ਼ ਬੇਬਸੀ ਜਿਹੀ ਵਿੱਚ ਆਪਣੇ ਹਿਸਾਬ ਨਾਲ ਜੋ ਵੀ ਸਬਜ਼ੀ ਲਿਆਉਂਦਾ, ਘਰ ਜਾ ਕੇ ਬੀਵੀ ਤੋਂ ਤਾਅਨੇ-ਮਿਹਣੇ ਸੁਣਦਾ, ਆਹ ਕੀ ਚੁੱਕ ਲਿਆਏ ਓ ! ਕਿੰਨੀ ਬੇਹੀ ਸਬਜ਼ੀ ਹੈ ! ਮਿਰਚਾਂ ਤੇ ਧਣੀਆ ਨਹੀਂ ਲਿਆਂਦਾ ? ਆਕਾਸ਼ ਚੁੱਪਚਾਪ ਮਜਬੂਰੀ ਵਿੱਚ ਸਭ ਕੁਝ ਸੁਣਦਾ ਰਹਿੰਦਾ। ਉਸ ਕੋਲ ਸ਼ਰੁਤੀ ਦੀਆਂ ਗੱਲਾਂ ਦਾ ਕੋਈ ਜਵਾਬ ਨਹੀਂ ਸੀ।

ਇੱਕ ਦਿਨ ਦੋਵੇਂ ਮੀਆਂ-ਬੀਵੀ ਸ਼ਹਿਰੋਂ ਬਾਹਰ ਕਿਤੇ ਗਏ ਹੋਏ ਸਨ। ਘਰ ਵਾਪਸੀ ਤੋਂ ਪਹਿਲਾਂ ਸਬਜ਼ੀ ਲੈਣ ਮੰਡੀ ਚਲੇ ਗਏ। ਆਕਾਸ਼ ਕਾਰ ਵਿੱਚ ਹੀ ਬੈਠਾ ਰਿਹਾ, ਕਿਉਂਕਿ ਕਾਰ ਖੜ੍ਹੀ ਕਰਨ ਲਈ ਢੁਕਵੀਂ ਥਾਂ ਨਹੀਂ ਸੀ ਮਿਲ ਰਹੀ ਤੇ ਉਹਨੂੰ ਇਹ ਵੀ ਡਰ ਸੀ ਕਿ ਜੇ ਦੋਵੇਂ ਜਣੇ ਕਾਰ ਚੋਂ ਉੱਤਰ ਕੇ ਚਲੇ ਗਏ ਤਾਂ ਕਾਰ ਠੀਕ ਥਾਂ ਖੜ੍ਹੀ ਨਾ ਕੀਤੀ ਹੋਣ ਕਰਕੇ ਕਿਤੇ ਮਿਉਂਸਪਲ ਕਮੇਟੀ ਵਾਲੇ ਜੈੱਕ ਪਾ ਕੇ ਕਾਰ ਹੀ ਨਾ ਚੁੱਕ ਕੇ ਲੈ ਜਾਣ। ਉਹਦੇ ਨਾਲ ਇਹ ਘਟਨਾ ਪਹਿਲਾਂ ਹੁੰਦੀ ਹੁੰਦੀ ਬਚੀ ਸੀ। ਖ਼ੈਰ... ਸਬਜ਼ੀ ਵਾਲੇ ਕੋਲ ਜਾ ਕੇ ਸ਼ਰੁਤੀ ਨੇ ਪਤੀ ਨੂੰ ਫ਼ੋਨ ਕਰਕੇ ਪੁੱਛਿਆ, ਕੀ ਲਿਆਵਾਂ ਜੀ, ਮੈਨੂੰ ਤਾਂ ਕੁਝ ਪਤਾ ਨਹੀਂ ਲੱਗਦਾ।' ਹੁਣ ਆਕਾਸ਼ ਕੋਲ ਉਹਦੇ ਤਾਅਨਿਆਂ ਦਾ ਸਪਸ਼ਟ ਜਵਾਬ ਸੀ, ਮੈਨੂੰ ਕੀ ਪਤਾ, ਸਬਜ਼ੀ ਵਾਲੇ ਕੋਲ ਤਾਂ ਤੂੰ ਖੜ੍ਹੀ ਹੈਂ ! ਜੋ ਠੀਕ ਲੱਗਦੈ, ਲੈ ਆ...।'



ਪ੍ਰੋ. ਨਵ ਸੰਗੀਤ ਸਿੰਘ
# navsangeetsinghFIEG@gmail.com
# 9417692015.

# ਜੋਗਿੰਦਰ ਸਿੰਘ ਮਾਨ ਨੇ ਕੰਮ 'ਚ ਨੁਕਤਾ-ਚੀਨੀ ਕਰਨ ਵਾਲੇ ਵਿਰੋਧੀਆਂ ਨੂੰ ਦਿੱਤਾ ਤਿੱਖਾ ਜਵਾਬ

ਫਗਵਾੜਾ (ਸੁਸ਼ੀਲ ਸ਼ਰਮਾ) ਆਮ ਆਦਮੀ ਪਾਰਟੀ ਹਲਕਾ ਵਿਧਾਨਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਉਹਨਾਂ ਦੇ ਕੰਮਾਂ ਨੂੰ ਲੈ ਕੇ ਨੁਕਤਾ-ਚੀਨੀ ਕਰਨ ਵਾਲੇ ਵਿਰੋਧੀਆਂ ਨੂੰ ਅੱਜ ਤਿੱਖਾ ਜਵਾਬ ਦਿੱਤਾ। ਉਹਨਾਂ ਕਿਹਾ ਕਿ 'ਆਈ ਨੋ ਮਾਈ ਡਿਊਟੀ, ਨੋ ਨੀਡ ਟੂ ਟੀਚ ਮੀ' (ਮੈਂ ਆਪਣਾ ਫਰਜ਼ ਜਾਣਦਾ ਹਾਂ, ਮੈਨੂੰ ਸਿਖਾਉਣ ਦੀ ਕੋਈ ਲੋੜ ਨਹੀਂ)। ਉਹਨਾਂ ਕਿਹਾ ਕਿ ਸਿਆਸਤ ਵਿਚ ਮੈਨੂੰ ਅੱਧੀ ਸਦੀ ਦਾ ਤਜ਼ੁਰਬਾ ਹੈ। ਮੈਂ ਬੇਸ਼ਕ ਸਰਕਾਰ ਵਿਚ ਸ਼ਾਮਲ ਰਿਹਾ ਹੋਵਾਂ ਜਾਂ ਨਾ, ਪਰ ਜਨਤਾ ਦਾ ਸੇਵਕ ਬਣ ਕੇ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਦੇ ਨਾਲ ਨਿਭਾਇਆ ਹੈ। ਜੋ ਲੋਕ ਮੈਨੂੰ ਗਿਆਨ ਦੇਣ ਦੀ ਕੋਸ਼ਿਸ਼ ਕਰ ਰਹੇ ਹਨ, ਉਹਨਾਂ ਵਰਗੇ ਵੀਹ ਅਫਸਰ ਮੇਰੇ ਮੰਤਰੀ ਰਹਿੰਦਿਆਂ ਹੇਠਾਂ ਕੰਮ ਕਰਦੇ ਰਹੇ ਹਨ। ਮਾਨ ਨੇ ਤਲਖ ਲਹਿਜੇ ਵਿਚ ਕਿਹਾ ਕਿ ਵਿਰੋਧੀ ਧਿਰ



ਦੇ ਆਗੂ ਅੱਜਕਲ ਸਿਆਸੀ ਤੌਰ ਤੇ ਬੇਰੁਜਗਾਰ ਹਨ ਕਿਉਂਕਿ ਸੂਬੇ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਕ ਹਰਮਨ ਪਿਆਰੀ ਅਤੇ ਤਾਕਤਵਰ ਸਰਕਾਰ ਕਾਇਮ ਹੈ। ਜਿਸ ਪਾਸ ਭਾਰੀ ਬਹੁਮਤ ਹੈ ਅਤੇ ਅਗਲੀਆਂ ਵਿਧਾਨਸਭਾ ਚੋਣਾਂ ਵਿਚ ਵੀ ਵਿਰੋਧੀਆਂ ਨੂੰ ਉੱਮੀਦ ਦੀ ਕੋਈ ਕਿਰਨ ਨਜ਼ਰ ਨਹੀਂ ਆਉਂਦੀ ਕਿਉਂਕਿ ਭਗਵੰਤ ਮਾਨ ਸਰਕਾਰ ਅਤੇ ਉਹਨਾਂ ਦੇ ਮੰਤਰੀ ਹੀ ਨਹੀਂ ਬਲਕਿ ਹਲਕਾ ਇੰਚਾਰਜ ਵੀ ਲੋਕ ਸੇਵਾ ਨੂੰ ਸਮਰਪਿਤ ਹਨ। ਇਸ ਲਈ ਇਹ ਵਿਰੋਧੀ ਆਗੂ ਅਖ਼ਬਾਰੀ ਸੁਰਖੀਆਂ ਵਿਚ ਬਣੇ ਰਹਿਣ ਲਈ ਅਜਿਹੀ ਬਿਆਨਬਾਜੀ ਕਰਦੇ ਹਨ। ਪਰ ਉਹਨਾਂ ਨੂੰ ਕੁੱਝ ਵੀ ਹਾਸਲ ਹੋਣ ਵਾਲਾ ਨਹੀਂ ਹੈ। ਫਗਵਾੜਾ ਦੀ ਜਨਤਾ ਆਪ ਸਰਕਾਰ ਅਤੇ ਉਸਦੇ ਲੀਡਰਾਂ ਦੀਆਂ ਕਾਰਗੁਜਾਰੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੈ। ਜਿਸਦਾ ਸਬੂਤ ਹੈ ਕਿ ਸਾਰੀਆਂ ਵਿਰੋਧੀ ਧਿਰਾਂ ਇਸ ਸਮੇਂ ਆਪਣੇ ਭਵਿੱਖ ਨੂੰ ਲੈ ਕੇ ਚਿੰਤਤ ਅਤੇ ਨਮੋਸ਼ੀ ਵਿਚ ਹਨ ਤੇ ਉਹਨਾਂ ਦੇ ਪਾਰਟੀ ਵਰਕਰ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਲਈ ਬੇਤਾਬ ਹਨ।

ਰੋਜ਼ਾਨਾ ਲੋਕ ਬਾਣੀ
www.lokbani

# ਗੈਂਗਸਟਰ ਲਾਰੈਂਸ ਦੀ ਇੰਟਰਵਿਊ ਮਾਮਲੇ ਤੇ ਹਾਈਕੋਰਟ ਦੀ ਸ਼ਖ਼ਤ ਟਿੱਪਣੀ,ਕਿਹਾ- ਇੰਟਰਵਿਊ ਲਈ WIFI, ਸਟੂਡੀਓ ਵਰਗੇ ਪ੍ਰਬੰਧ ਕੀਤੇ ਸਨ

ਚੰਡੀਗੜ੍ਹ (ਲੋਕ ਬਾਣੀ)-ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਨੂੰ ਸਖ਼ਤ ਫਟਕਾਰ ਲਗਾਈ ਹੈ। ਹਾਈਕੋਰਟ ਨੇ ਕਿਹਾ ਕਿ ਪੰਜਾਬ ਪੁਲਿਸ ਦੇ ਅਧਿਕਾਰੀਆਂ ਨੇ ਲਾਰੇਂਸ ਬਿਸ਼ਨੋਈ ਨੂੰ ਜੇਲ੍ਹ ਦੇ ਅੰਦਰੋਂ ਟੀਵੀ ਇੰਟਰਵਿਊ ਕਰਨ ਅਤੇ ਉਸ ਲਈ ਵਾਈਫਾਈ ਦਾ ਪ੍ਰਬੰਧ ਕਰਨ ਦੀ ਇਜਾਜ਼ਤ ਦਿੱਤੀ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੁਲਿਸ ਅਤੇ ਲਾਰੈਂਸ ਬਿਸ਼ਨੋਈ ਦਰਮਿਆਨ ਗਠਜੋੜ ਅਤੇ ਸਾਜ਼ਿਸ਼ ਦੀ ਹੋਰ ਜਾਂਚ ਕਰਨ ਲਈ ਇੱਕ ਨਵੀਂ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਗਠਿਤ ਕਰਨ ਦੇ ਨਿਰਦੇਸ਼ ਦਿੱਤੇ ਹਨ।ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਕਿਹਾ ਕਿ ਪੰਜਾਬ ਪੁਲਿਸ ਦੇ ਅਧਿਕਾਰੀਆਂ ਨੇ ਲਾਰੈਂਸ ਬਿਸ਼ਨੋਈ ਨੂੰ ਇਲੈਕਟ੍ਰਾਨਿਕ ਡਿਵਾਈਸਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਦਿੱਤੀ ਅਤੇ ਟੀਵੀ ਇੰਟਰਵਿਊ ਕਰਨ ਲਈ ਸਟੂਡੀਓ ਵਰਗੀਆਂ ਸਹੂਲਤਾਂ ਪ੍ਰਦਾਨ ਕੀਤੀਆਂ। ਇੱਕ ਜੋ ਅਪਰਾਧ ਦੀ ਵਡਿਆਈ ਕਰਦਾ ਹੈ।

ਇੰਟਰਵਿਊ ਲੈਣ ਲਈ ਥਾਣੇ ਦੇ ਇੰਚਾਰਜ ਅਧਿਕਾਰੀ ਦੇ ਦਫ਼ਤਰ ਨੂੰ ਸਟੂਡੀਓ ਵਜੋਂ ਵਰਤਿਆ ਜਾਂਦਾ ਸੀ। ਇੰਟਰਵਿਊ ਲੈਣ ਲਈ ਸੀਆਈਏ ਸਟਾਫ਼ ਦੇ ਅਹਾਤੇ ਵਿੱਚ ਅਧਿਕਾਰਤ ਵਾਈ-ਫਾਈ ਪ੍ਰਦਾਨ ਕੀਤਾ ਗਿਆ ਸੀ। ਜੋ ਅਪਰਾਧਿਕ ਸਾਜ਼ਿਸ਼ ਵੱਲ ਇਸ਼ਾਰਾ ਕਰਦਾ ਹੈ। ਅਦਾਲਤ ਨੇ ਇਹ ਵੀ ਕਿਹਾ ਕਿ ਇਸ ਮਾਮਲੇ ਵਿੱਚ ਹੋਰ ਜਾਂਚ ਦੀ




ਲੋੜ ਹੈ ਕਿ ਇਸ ਪਿੱਛੇ ਕੀ ਇਰਾਦਾ ਸੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੇ ਤਹਿਤ ਵੱਖ-ਵੱਖ ਪਹਿਲੂਆਂ ਤੋਂ ਇਲਾਵਾ ਹੋਰ ਅਪਰਾਧਾਂ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਪੁਲਸ ਹਿਰਾਸਤ ਚੋਂ ਟੀਵੀ ਇੰਟਰਵਿਊ ਦੇਣ ਦੇ ਮਾਮਲੇ ਚ ਲਾਰੈਂਸ ਬਿਸ਼ਨੋਈ ਖਿਲਾਫ ਦਰਜ ਕੀਤੀ ਗਈ ਰੱਦ ਰਿਪੋਰਟ ਨੇ ਪੁਲਸ ਅਧਿਕਾਰੀਆਂ ਅਤੇ ਅਪਰਾਧੀ ਵਿਚਾਲੇ ਗਠਜੋੜ ਅਤੇ ਸਾਜ਼ਿਸ਼ ਦਾ ਸ਼ੱਕ ਪੈਦਾ ਕੀਤਾ ਹੈ।

ਇਹ ਇੰਟਰਵਿਊ ਸੀ.ਆਈ.ਏ ਸਟਾਫ਼ ਖਰੜ, ਐਸ.ਏ.ਐਸ.ਨਗਰ ਦੇ ਅਹਾਤੇ ਵਿਖੇ ਲਈ ਗਈ। ਅਦਾਲਤ ਨੇ ਪੰਜਾਬ ਪੁਲੀਸ ਦੇ ਡੀਜੀਪੀ ਨੂੰ ਪ੍ਰੈਸ ਕਾਨਫਰੰਸ ਦੌਰਾਨ ਦਿੱਤੇ ਅਜਿਹੇ ਬਿਆਨ ਦੇ ਆਧਾਰ 'ਤੇ ਹਲਫ਼ਨਾਮੇ ਵਿੱਚ ਖੁਲਾਸਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਮਾਮਲੇ ਨੂੰ ਹੋਰ ਵਿਚਾਰ ਲਈ 19 ਨਵੰਬਰ ਲਈ ਸੂਚੀਬੱਧ ਕੀਤਾ ਗਿਆ ਸੀ।

# ਭਗਵਾਨ ਵਿਸ਼ਵਕਰਮਾ ਜੀ ਨੇ ਹੁਨਰ, ਕਲਾ ਤੇ ਵਿਗਿਆਨ ਨੂੰ ਵਿਕਸਿਤ ਕੀਤਾ - ਵਿਜੇ ਸਾਂਪਲਾ





ਫਗਵਾੜਾ (ਸੁਸ਼ੀਲ ਸ਼ਰਮਾ) : ਭਗਵਾਨ ਸ਼੍ਰੀ ਵਿਸ਼ਵਕਰਮਾ ਮੰਦਿਰ ਫਗਵਾੜਾ ਦੀ ਪ੍ਰਬੰਧਕ ਕਮੇਟੀ ਵੱਲੋਂ ਭਗਵਾਨ ਸ਼੍ਰੀ ਵਿਸ਼ਵਕਰਮਾ ਜੀ ਦਾ ਮਹਾਂਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸਾਬਕਾ ਕੇਂਦਰੀ ਮੰਤਰੀ ਤੇ ਕੌਮੀ ਐਸ. ਸੀ. ਕਮਿਸ਼ਨ ਭਾਰਤ ਸਰਕਾਰ ਦੇ ਚੇਅਰਮੈਨ ਵਿਜੇ ਸਾਂਪਲਾ ਸਾਥੀਆਂ ਸਮੇਤ ਨਮਸਤਕ ਹੋਏ ॥ ਉਹਨਾਂ ਨੇ ਮੰਦਿਰ ਚ ਪਹੁੰਚੇ ਵਪਾਰੀ, ਸਮਾਜ ਸੇਵੀ,ਧਾਰਮਿਕ ਅਤੇ ਸਨਅਤਕਾਰਾਂ ਨੂੰ ਭਗਵਾਨ ਵਿਸ਼ਵਕਰਮਾ ਪੂਜਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਤੇ ਕਿਹਾ ਕਿ ਕਿਰਤ ਦੇ ਦੇਵਤਾ ਵਜੋਂ ਜਾਣੇ ਜਾਂਦੇ ਭਗਵਾਨ ਸ਼੍ਰੀ ਵਿਸ਼ਵਕਰਮਾ ਜੀ ਹਮੇਸ਼ਾਂ ਮਿਹਨਤ ਤੇ ਲਗਨ ਨਾਲ ਵਪਾਰ ਤੇ ਕੰਮ ਵਾਲਿਆਂ ਤੇ ਆਪਣਾਂ ਅਸ਼ੀਰਵਾਦ ਰੱਖਦੇ ਹਨ। ਉਨਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਨੇ ਸਮੁੱਚੇ ਕਿਰਤ ਭਾਈਚਾਰੇ ਨੂੰ ਹੱਥੀ ਕਿਰਤ ਕਰਨ ਦੀ ਜੀਵਨ ਜਾਂਚ ਸਿਖਾਈ। ਉਹਨਾਂ ਕਿਹਾ ਕੇ ਭਗਵਾਨ ਵਿਸ਼ਵਕਰਮਾ ਜੀ ਨੇ ਹੁਨਰ,ਕਲਾ ਤੇ ਵਿਗਿਆਨ ਨੂੰ ਵਿਕਸਿਤ ਕੀਤਾ ॥ ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਵਿਜੇ ਸਾਂਪਲਾ ਅਤੇ ਹੋਰਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਿਉਂਸਪਲ ਕਮੇਟੀ ਫਗਵਾੜਾ ਦੇ ਸਾਬਕਾ ਪ੍ਰਧਾਨ ਬਲਭੱਦਰ ਸੈਨ ਦੁੱਗਲ, ਸਾਬਕਾ ਕੌਂਸਲਰ ਮਹਿੰਦਰ ਪਾਲ ਥਾਪਰ,ਅਮਿਤ ਸਾਂਪਲਾ ਆਸ਼ੂ, ਓਮ ਪ੍ਰਕਾਸ਼ ਬਿੱਟੂ, ਬਲਵਿੰਦਰ ਠਾਕੁਰ, ਪ੍ਰਮੋਦ ਮਿਸ਼ਰਾ, ਮਿਤੁਲ ਸੁਧੀਰ, ਵਿਨਾਇਕ ਪ੍ਰਾਸ਼ਰ,ਡਾ. ਪ੍ਰਭਦੀਪ ਸ਼ਰਮਾਂ ਆਦਿ ਹਾਜ਼ਰ ਸਨ।

# ਖੂਨਦਾਨ ਜ਼ਿੰਦਗੀ ਪ੍ਰਦਾਨ ਕਰਨ ਦੇ ਸਮਾਨ- ਸੋਮ ਪ੍ਰਕਾਸ਼






ਫਗਵਾੜਾ (ਸੁਸ਼ੀਲ ਸ਼ਰਮਾ) ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ( ਰਜਿ.) ਫਗਵਾੜਾ ਵਲੋਂ ਪ੍ਰਧਾਨ ਵਿਕਰਮ ਗੁਪਤਾ ਦੀ ਅਗਵਾਈ ਵਿੱਚ ਵਿਸ਼ਵਕਰਮਾ ਮੇਲੇ ਦੌਰਾਨ ਬੰਗਾ ਰੋਡ ਵਿਖੇ ਬਾਰਵਾਂ ਸਲਾਨਾ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ ਯੁਵਕ ਸੇਵਾਵਾਂ ਪੰਜਾਬ , ਨਹਿਰੂ ਯੁਵਾ ਕੇਂਦਰ ਸੰਗਠਨ ਕਪੂਰਥਲਾ ਅਤੇ ਐਚ.ਡੀ.ਐਫ.ਸੀ. ਬੈਂਕ ਦੇ ਸਹਿਯੋਗ ਨਾਲ ਆਯੋਜਿਤ ਇਸ ਖੂਨਦਾਨ ਕੈਂਪ ਦੌਰਾਨ ਸ਼ਰਧਾਲੂਆਂ ਵਲੋਂ ਭਰਪੂਰ ਸਮਰਥਨ ਪ੍ਰਦਾਨ ਕਰਦਿਆਂ 105 ਖੂਨਦਾਨੀਆਂ ਨੇ ਸਵੈ-ਇੱਛਤ ਖੂਨਦਾਨ ਕੀਤਾ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਅਤੇ ਸਮਾਜ ਸੇਵਿਕਾ ਅਨੀਤਾ ਸੋਮ ਪ੍ਰਕਾਸ਼ ਵਲੋਂ ਕੈਂਪ ਦਾ ਉਦਘਾਟਨ ਕਰਦਿਆਂ ਕਿਹਾ ਕਿ ਖੂਨਦਾਨ ਜ਼ਿੰਦਗੀ ਪ੍ਰਦਾਨ ਕਰਨ ਦੇ ਬਰਾਬਰ ਹੈ , ਅਸੀਮ ਸੁੱਖ ਦੀ ਪ੍ਰਾਪਤੀ ਵਾਲੀ ਇਸ ਸੇਵਾ ਨੂੰ ਹਰ ਸਿਹਤਮੰਦ ਵਿਅਕਤੀ ਵਲੋਂ ਅਪਨਾਉਣਾ ਚਾਹੀਦਾ ਹੈ ਜ਼ਿਲ੍ਹਾ ਯੋਜਨਾ ਬੋਰਡ ਚੇਅਰਪਰਸਨ ਲਲਿਤ ਸਕਲਾਨੀ, ਮਾਰਕੀਟ ਕਮੇਟੀ ਚੇਅਰਮੈਨ ਤਵਿੰਦਰ ਰਾਮ ਅਤੇ ਆਮ ਆਦਮੀ ਪਾਰਟੀ ਨੇਤਾ ਅਸ਼ੋਕ ਭਾਟੀਆ, ਹਰੀ ਓਮ ਗੁਪਤਾ, ਸੁਭਾਸ਼ ਕਵਾਤਰਾ, ਗੋਪੀ ਨੰਬਰਦਾਰ ਅਤੇ ਹਰਜਿੰਦਰ ਸਿੰਘ ਖਾਲਸਾ ਵਲੋਂ ਵੀ ਖੂਨਦਾਨ ਸੇਵਾ ਨੂੰ ਮਾਨਵਤਾ ਦੀ ਸਰਬੋਤਮ ਸੇਵਾ ਦਾ ਦਰਜਾ ਪ੍ਰਦਾਨ ਕਰਦਿਆਂ ਕਲੱਬ ਦੇ ਸਟਾਲ ਤੇ ਲੋਕਾਂ ਨੂੰ ਖੂਨਦਾਨ ਲਈ ਪ੍ਰੇਰਿਤ ਕੀਤਾ ਪੀ.ਆਰ.ਓ. ਨੀਰਜ ਬਖਸ਼ੀ, ਐਨ. ਕੇ. ਸ਼ਰਮਾ, ਸਕੱਤਰ ਵਿਤਿਨ ਪੁਰੀ , ਜਗਜੀਵਨ ਕੁਮਾਰ ਅਤੇ ਨਰੇਸ਼ ਕੋਹਲੀ ਵਲੋਂ ਸ਼ਰਧਾਲੂਆਂ ਨੂੰ ਅਪੀਲ ਅਤੇ ਪ੍ਰੇਰਣਾ ਰਾਹੀਂ ਇਹ ਟੀਚਾ ਪੂਰਾ ਕੀਤਾ ਗਿਆ ਸਭ ਖੂਨਦਾਨੀਆਂ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਹਰਜਿੰਦਰ ਗੋਗਨਾ, ਜਰਨੈਲ ਸਿੰਘ, ਨਰੇਸ਼ ਕੋਹਲੀ , ਹਰੀਸ਼ ਚੰਦਰ, ਬੈਂਕ ਮੈਨੇਜਰ ਪੰਕਜ ਸ਼ਰਮਾ , ਨੀਰਜ ਬਖਸ਼ੀ, ਜਗਜੀਵਨ ਕੁਮਾਰ, ਪ੍ਰੇਮ ਗੁਪਤਾ, ਰਾਕੇਸ਼ ਵਢੇਰਾ, ਪੰਕਜ ਚਾਵਲਾ, ਪਰਮਜੀਤ ਚਾਚੋਕੀ,ਸੰਜੂ ਚੈਲ, ਨਿਤਿਨ ਚੱਢਾ, ਡਾ. ਗੁਰਪਿੰਦਰ ਕੌਰ , ਲੱਕੀ ਬਾਖੜੀ, ਹਰਬੰਸ ਲਾਲ ਅਤੇ ਸਿਵਲ ਹਸਪਤਾਲ ਜਲੰਧਰ ਬਲੱਡ ਸੈਂਟਰ ਦੇ ਟੀਮ ਮੈਂਬਰ ਹਾਜ਼ਰ ਸਨ

# ਵਿਧਾਇਕ ਧਾਲੀਵਾਲ ਨੇ ਸਹਿ ਇੰਚਾਰਜ ਅਲੋਕ ਸ਼ਰਮਾ ਦੇ ਨਾਲ ਚੱਬੇਵਾਲ ਦੀ ਜਿਮਨੀ ਚੋਣ ਸਬੰਧੀ ਤਿਆਰੀਆਂ ਦਾ ਲਿਆ ਜਾਇਜ਼ਾ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਐਮ.ਐਲ.ਏ. ਫਗਵਾੜਾ ਨੇ ਚੱਬੇਵਾਲ ਵਿਧਾਨ ਸਭਾ ਸੀਟ 'ਤੇ 13 ਨਵੰਬਰ ਨੂੰ ਹੋਣ ਵਾਲੀ ਜਿਮਨੀ ਚੋਣ 'ਚ ਪਾਰਟੀ ਉਮੀਦਵਾਰ ਦੀ ਜਿੱਤ ਨੂੰ ਪੱਕਾ ਕਰਨ ਲਈ ਸੂਬਾ ਸਹਿ-ਇੰਚਾਰਜ ਅਲੋਕ ਸ਼ਰਮਾ ਦੇ ਨਾਲ ਚੱਬੇਵਾਲ ਚੋਣ ਦਫਤਰ 'ਚ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ। ਜਿਸ ਵਿੱਚ ਪਾਰਟੀ ਉਮੀਦਵਾਰ ਰਣਜੀਤ ਕੁਮਾਰ ਦੀ ਜਿੱਤ ਯਕੀਨੀ ਬਣਾਉਣ ਲਈ ਰਣਨੀਤੀ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਧਾਲੀਵਾਲ ਨੇ ਦੱਸਿਆ ਕਿ ਚੱਬੇਵਾਲ ਦੇ ਕਾਂਗਰਸ ਵਰਕਰਾਂ 'ਚ ਜ਼ਿਮਨੀ ਚੋਣਾਂ ਨੂੰ ਲੈ ਕੇ ਭਾਰੀ ਉਤਸ਼ਾਹ ਹੈ। ਇਸ ਸੀਟ 'ਤੇ ਕਾਂਗਰਸ ਹਮੇਸ਼ਾ ਤੋਂ ਮਜ਼ਬੂਤ ਸਥਿਤੀ 'ਚ ਰਹੀ ਹੈ। ਇਸ ਵਾਰ ਫਿਰ ਪਾਰਟੀ ਉਮੀਦਵਾਰ ਰਣਜੀਤ ਕੁਮਾਰ ਵੱਡੇ ਫਰਕ ਨਾਲ ਜਿੱਤਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਜਿੱਤ ਦਾ ਮੁੱਖ ਕਾਰਨ ਇਹ ਬਣੇਗਾ ਕਿ ਉੱਥੋਂ ਦੇ ਵੋਟਰਾਂ ਵਿੱਚ ਸੂਬੇ ਦੀ ਭਗਵੰਤ ਮਾਨ ਸਰਕਾਰ ਦੀ ਕਾਰਗੁਜ਼ਾਰੀ ਨੂੰ ਲੈ ਕੇ ਭਾਰੀ ਨਾਰਾਜਗੀ ਹੈ ਚੱਬੇਵਾਲ ਦੇ ਵੋਟਰ ਆਪ ਪਾਰਟੀ ਦੇ ਆਗੂਆਂ ਨੂੰ ਪੁੱਛ ਰਹੇ ਹਨ ਕਿ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਗਰੰਟੀ ਢਾਈ ਸਾਲ ਬੀਤ ਜਾਣ ਦੇ ਬਾਵਜੂਦ ਵੀ ਪੂਰੀ ਕਿਉਂ ਨਹੀਂ ਕੀਤੀ ਗਈ? ਸੂਬੇ 'ਚੋਂ ਡਰੱਗ ਮਾਫੀਆ ਦਾ ਖਾਤਮਾ ਕਿਉਂ ਨਹੀਂ ਹੋਇਆ? ਗੈਂਗਸਟਰਾਂ ਦੀਆਂ ਗਤੀਵਿਧੀਆਂ 'ਤੇ ਕਾਬੂ ਕਿਉਂ ਨਹੀਂ ਪਾਇਆ ਗਿਆ? ਲੁੱਟਾਂ-ਖੋਹਾਂ, ਚੋਰੀਆਂ, ਡਕੈਤੀਆਂ ਅਤੇ ਫਿਰੌਤੀ ਦੀਆਂ ਘਟਨਾਵਾਂ ਕਿਉਂ ਵਧ ਰਹੀਆਂ ਹਨ? ਸਭ ਤੋਂ ਵੱਡਾ ਸਵਾਲ ਹੈ ਕਿ ਪੰਜਾਬ ਦੀ ਚਿੰਤਾ ਨੂੰ ਪਾਸੇ ਛੱਡ ਕੇ ਮੁੱਖ ਮੰਤਰੀ ਭਗਵੰਤ ਮਾਨ ਆਏ ਦਿਨ ਅਰਵਿੰਦ ਕੇਜਰੀਵਾਲ ਦੀ ਜੀ ਹਜ਼ੂਰੀ ਕਰਨ ਲਈ ਦਿੱਲੀ ਕਿਉਂ ਜਾ ਬੈਠਦੇ ਹਨ? ਧਾਲੀਵਾਲ ਨੇ ਕਿਹਾ ਕਿ 'ਆਪ' ਪਾਰਟੀ ਦੇ ਆਗੂਆਂ ਕੋਲ ਇਨ੍ਹਾਂ ਸਾਰੇ ਸਵਾਲਾਂ ਦਾ ਕੋਈ ਜਵਾਬ ਨਹੀਂ ਹੈ। ਇਸ ਲਈ ਚੱਬੇਵਾਲ ਸੀਟ ਤੋਂ ਕਾਂਗਰਸ ਪਾਰਟੀ ਦੀ ਜਿੱਤ ਯਕੀਨੀ ਹੈ। ਇਸ ਮੀਟਿੰਗ ਵਿੱਚ ਫਗਵਾੜਾ ਦੇ ਕਾਂਗਰਸੀ ਆਗੂ ਗੁਰਜੀਤ ਪਾਲ ਵਾਲੀਆ, ਬੰਟੀ ਵਾਲੀਆ, ਮੁਨੀਸ਼ ਭਾਰਦਵਾਜ, ਸੁਖਵਿੰਦਰ ਬਿੱਲੂ ਖੇੜਾ, ਅਮਰਜੀਤ ਨਿੱਝਰ ਅਤੇ ਐਡਵੋਕੇਟ ਦਰਸ਼ਨ ਸਿੰਘ ਪ੍ਰਿੰਸ ਵੀ ਹਾਜ਼ਰ ਸਨ


# ਕਿਸਾਨਾਂ ਦੇ ਹੱਕ 'ਚ ਸ਼੍ਰੋਮਣੀ ਅਕਾਲੀ ਦਲ (ਬ) ਦਾ ਵਿਸ਼ਾਲ ਰੋਸ ਧਰਨਾ 5 ਨਵੰਬਰ ਨੂੰ





ਫਗਵਾੜਾ (ਸੁਸ਼ੀਲ ਸ਼ਰਮਾ) ਸ਼੍ਰੋਮਣੀ ਅਕਾਲੀ ਦਲ (ਬ) ਵਿਧਾਨਸਭਾ ਹਲਕਾ ਫਗਵਾੜਾ ਵਲੋਂ ਕਿਸਾਨਾਂ ਦੇ ਹੱਕ ਵਿਚ 5 ਨਵੰਬਰ ਦਿਨ ਮੰਗਲਵਾਰ ਨੂੰ ਪੰਜਾਬ ਤੇ ਕੇਂਦਰ ਦੀਆਂ ਸਰਕਾਰਾਂ ਖਿਲਾਫ ਵਿਸ਼ਾਲ ਰੋਸ ਧਰਨਾ ਤੇ ਮੁਜਾਹਰਾ ਕੀਤਾ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਰਾਜਿੰਦਰ ਸਿੰਘ ਚੰਦੀ ਨੇ ਦੱਸਿਆ ਕਿ ਪੰਜਾਬ ਤੇ ਕੇਂਦਰ ਦੀਆਂ ਸਰਕਾਰਾਂ ਦੀ ਅਣਗਹਿਲੀਆਂ ਦੇ ਚਲਦਿਆਂ ਕਿਸਾਨਾਂ ਦੀ ਹਾਲਤ ਬਹੁਤ ਹੀ ਤਰਸਯੋਗ ਹੋ ਚੁੱਕੀ ਹੈ। ਲਿਫਟਿੰਗ ਨਾ ਹੋਣ ਕਰਕੇ ਝੋਨੇ ਦੀ ਫਸਲ ਮੰਡੀਆਂ ਵਿਚ ਰੁਲ ਰਹੀ ਹੈ। ਕਿਸਾਨਾਂ ਨੂੰ ਸਰਕਾਰ ਵਲੋਂ ਸਮੇਂ ਸਿਰ ਡੀ.ਏ.ਪੀ ਖਾਦ ਮੁਹੱਈਆ ਨਹੀਂ ਕਰਵਾ ਕੇ ਖੱਜਲ ਖੁਆਰ ਕੀਤਾ ਜਾ ਰਿਹਾ ਹੈ। ਜਿਸ ਦੇ ਰੋਸ ਵਜੋਂ 5 ਨਵੰਬਰ ਨੂੰ 11 ਵਜੇ ਵੱਡਾ ਰੋਸ ਧਰਨਾ / ਮੁਜਾਹਰਾ ਐਸ.ਡੀ.ਐਮ ਫਗਵਾੜਾ ਦਫ਼ਤਰ ਦੇ ਅੱਗੇ ਕੀਤਾ ਜਾਵੇਗਾ ਅਤੇ ਐਸ ਡੀ ਐਮ ਫਗਵਾੜਾ ਨੂੰ ਕਿਸਾਨੀ ਮੰਗਾਂ ਸਬੰਧੀ ਇੱਕ ਮੰਗ ਪੱਤਰ ਵੀ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸਵ. ਸ. ਪ੍ਰਕਾਸ਼ ਸਿੰਘ ਬਾਦਲ ਕਿਸਾਨਾਂ ਦੇ ਮਸੀਹਾ ਰਹੇ ਹਨ ਅਤੇ ਕਿਸਾਨੀ ਹਿਤਾਂ ਨੂੰ ਹਮੇਸ਼ਾ ਸਿਆਸੀ ਨਫੇ-ਨੁਕਸਾਨ ਤੋਂ ਉੱਚਾ ਰੱਖਿਆ ਸੀ। ਖੁਰਾਣਾ ਅਤੇ ਚੰਦੀ ਨੇ ਹਲਕਾ ਫਗਵਾੜਾ ਦੇ ਸਮੂਹ ਅਕਾਲੀ ਵਰਕਰਾਂ, ਵੱਖ-ਵੱਖ ਵਿੰਗਾਂ ਦੇ ਅਹੁਦੇਦਾਰ, ਮੈਂਬਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ 5 ਨਵੰਬਰ ਨੂੰ ਸਵੇਰੇ 10.30 ਵਜੇ ਵਾਲੀਆਂ ਟਰਾਂਸਪੋਰਟ ਨੇੜੇ ਪੂਨਮ ਹੋਟਲ ਜੀ ਟੀ ਰੋਡ ਵਿਖੇ ਸਮੇਂ ਸਿਰ ਪੁੱਜਣ ਤਾਂ ਜੋ ਕਿਸਾਨ ਵੀਰਾਂ ਦੀਆਂ ਹੱਕੀ ਮੰਗਾਂ ਦਾ ਹੱਲ ਕਰਵਾਉਣ ਲਈ ਉੱਥੋਂ ਚੱਲ ਕੇ ਐਸ ਡੀ ਐਮ ਫਗਵਾੜਾ ਦੇ ਦਫ਼ਤਰ ਅੱਗੇ ਧਰਨਾ ਦਿੱਤਾ ਜਾ ਸਕੇ।

# ਉਭਰਦੇ ਕਲਾਕਾਰ ਅਨਿਰੁਧ ਅਤੇ ਦੀਕਸ਼ਾ ਧਰ ਇਸ ਐਤਵਾਰ ਰਾਤ 8 ਵਜੇ ਜ਼ੀ ਪੰਜਾਬੀ ਦੇ ਮਿਊਜ਼ਿਕ ਤੇ ਮਸਤੀ ਤੇ ਆਪਣੀ ਬੈਸਟ ਪਰਫਾਰਮੈਂਸ ਦੇਣਗੇ।




ਮਿਊਜ਼ਿਕਲ ਸ਼ਾਮ ਲਈ ਹੋ ਜਾਓ ਤਿਆਰ, ਕਿਉਂਕਿ ਜ਼ੀ ਪੰਜਾਬੀ ਉਭਰਦੇ ਕਲਾਕਾਰ ਅਨਿਰੁਧ ਅਤੇ ਦੀਕਸ਼ਾ ਧਰ ਨੂੰ ਪੇਸ਼ ਕਰਦੇ ਹੋਏ ਮਿਊਜ਼ਿਕ ਤੇ ਮਸਤੀ ਦਾ ਇੱਕ ਰੂਹਾਨੀ ਐਪੀਸੋਡ ਪੇਸ਼ ਕਰ ਰਿਹਾ ਹੈ। ਇਸ ਐਤਵਾਰ ਨੂੰ ਰਾਤ 8 ਵਜੇ ਪ੍ਰਸਾਰਿਤ ਹੋਣ ਵਾਲਾ, ਇਹ ਸ਼ੋਅ ਧੁਨ, ਤਾਲ, ਅਤੇ ਦਿਲਕਸ਼ ਪ੍ਰਦਰਸ਼ਨ ਦੇ ਇੱਕ ਮਨੋਰੰਜਕ ਮਿਸ਼ਰਣ ਪ੍ਰਦਾਨ ਕਰਨ ਦਾ ਵਾਅਦਾ ਕਰਦਾ ਹੈ।

ਅਨਿਰੁਧ 3 ਪੈਗ, ਦਿਲ ਦੀ ਪਤਾ ਨੀ, ਡਿਸਕ ਚ ਕਾਲੀ, ਮਿੱਤਰਾ ਦੀ ਛੱਤਰੀ, ਸ਼ਰਾਰਾ, ਅਤੇ ਯਾਰ ਬੋਲਦਾ ਵਰਗੇ ਮਸ਼ਹੂਰ ਟਰੈਕਾਂ ਦੀ ਸ਼ਾਨਦਾਰ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਲੁਭਾਉਣਗੇ, ਅਤੇ ਦੀਕਸ਼ਾ ਧਰ ਅਫਵਾਹ, ਅੰਬਰਸਰੀਆ, ਜੁੱਤੀ ਕਸੂਰੀ, ਕੀ ਸਮਝਾਈਏ ਵਰਗੇ ਪਿਆਰੇ ਹਿੱਟ ਗੀਤਾਂ ਦੇ ਰੂਹਾਨੀ ਪ੍ਰਦਰਸ਼ਨ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨਗੇ।

ਇਸ ਦੇ ਸੰਗੀਤ ਅਤੇ ਹਲਕੇ-ਦਿਲ ਮਨੋਰੰਜਨ ਲਈ ਜਾਣਿਆ ਜਾਂਦਾ ਹੈ, ਸੰਗੀਤ ਤੇ ਮਸਤੀ ਉੱਭਰਦੀਆਂ ਪ੍ਰਤਿਭਾਵਾਂ ਨੂੰ ਚਮਕਾਉਣ ਲਈ ਇੱਕ ਪਲੇਟਫਾਰਮ ਪੇਸ਼ ਕਰਦਾ ਹੈ, ਅਤੇ ਇਸ ਹਫ਼ਤੇ ਦਾ ਐਪੀਸੋਡ ਹਰ ਕਿਸਮ ਦੇ ਸੰਗੀਤ ਪ੍ਰੇਮੀਆਂ ਲਈ ਇੱਕ ਟ੍ਰੀਟ ਹੋਣ ਦਾ ਵਾਅਦਾ ਕਰਦਾ ਹੈ। ਅਨਿਰੁਧ ਦੇ ਊਰਜਾਵਾਨ ਵਾਈਬਸ ਅਤੇ ਦੀਕਸ਼ਾ ਦੇ ਰੂਹਾਨੀ ਧੁਨਾਂ ਦੇ ਨਾਲ, ਦਰਸ਼ਕ ਇੱਕ ਸੱਚਮੁੱਚ ਮਨਮੋਹਕ ਅਨੁਭਵ ਲਈ ਹਨ।

# ਬਾਬਾ ਵੱਡਭਾਗ ਸਿੰਘ ਜੀ ਅਤੇ ਬਾਬਾ ਬਾਲਕ ਨਾਥ ਜੀ ਵੈਲਫੇਅਰ ਸੋਸਾਇਟੀ ਵੱਲੋਂ 27ਵਾਂ ਆਨੰਦ ਕਾਰਜ ਕਰਵਾਇਆ ਗਿਆ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਮੰਦਰ ਬਾਬਾ ਵੱਡਭਾਗ ਸਿੰਘ ਅਤੇ ਬਾਬਾ ਬਾਲਕ ਨਾਥ ਜੀ ਵੈਲਫੇਅਰ ਸੋਸਾਇਟੀ ਝੰਡੇਚੱਕ ਵੱਲੋਂ ਬਾਬਾ ਬਲਕਾਰ ਸਿੰਘ ਜੀ ਦੀ ਅਗਵਾਈ ਹੇਠ 27ਵਾਂ ਅਨੰਦ ਕਾਰਜ ਕਰਵਾਇਆ ਗਿਆ ਇਸ ਮੌਕੇ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਚੇਅਰਮੈਨ ਪਰਸ਼ੋਤਮ ਕੁਮਾਰ ਅਤੇ ਸਮੂਹ ਕਮੇਟੀ ਮੈਂਬਰ ਸਾਹਿਬਾਨ ਮੌਜੂਦ ਰਹੇ ਇਸ ਪ੍ਰੋਗਰਾਮ ਦੇ ਵਿੱਚ ਲੰਗਰ ਪ੍ਰਸ਼ਾਦੇ ਤੋਂ ਇਲਾਵਾ ਲੜਕੀ ਨੂੰ ਜ਼ਰੂਰਤਮੰਦ ਸਮਾਨ ਵੀ ਮੁਹੱਈਆ ਕਰਵਾਇਆ ਗਿਆ। \

ਰੋਜ਼ਾਨਾ ਲੋਕ ਬਾਣੀ www.lokbani


# ਕੈਪਸ਼ਨ



ਰੋਜ਼ਾਨਾ ਲੋਕ ਬਾਣੀ www.lokbani

ਭੈਣ ਭਰਾ ਦਾ ਪ੍ਰਤੀਕ ਤਿਉਹਾਰ ਟਿੱਕਾ।
ਦੀਨਾਨਗਰ ਤੋਂ ਭੈਣ ਨੇ ਭਰਾ ਨੂੰ ਲਗਾਇਆ ਟਿੱਕਾ।

# ਪੁਸਤਕ ਰੀਵਿਊ




ਪੁਸਤਕ : ਪਾਲੀ ਭੁਪਿੰਦਰ ਦੇ ਚੋਣਵੇਂ ਨਾਟਕਾਂ ਦਾ ਨਾਰੀਵਾਦੀ ਅਧਿਐਨ
* ਲੇਖਕਾ : ਮਨਜਿੰਦਰ ਕੌਰ ਮੰਡੇਰ
* ਪ੍ਰਕਾਸ਼ਕ : ਟਵੰਟੀਫ਼ਸਟ ਸੈਂਚਰੀ ਪਬਲੀਕੇਸ਼ਨਜ਼, ਪਟਿਆਲਾ
* ਪੰਨੇ : 108
* ਮੁੱਲ : 200/-

ਪਾਲੀ ਭੁਪਿੰਦਰ ਸਿੰਘ ਪੰਜਾਬੀ ਨਾਟਕ ਵਿੱਚ ਇੱਕ ਸਥਾਪਤ ਨਾਂ ਹੈ। ਉਹਨੇ ਹੁਣ ਤੱਕ 40 ਦੇ ਕਰੀਬ ਨਾਟ-ਕ੍ਰਿਤੀਆਂ ਦੀ ਰਚਨਾ ਕੀਤੀ ਹੈ। ਜੈਤੋ ਵਿੱਚ ਜਨਮੇ ਪਾਲੀ ਨੇ ਬ੍ਰਿਜਿੰਦਰ ਕਾਲਜ ਫਰੀਦਕੋਟ ਤੋਂ ਪੜ੍ਹਾਈ ਕਰਨ ਪਿੱਛੋਂ ਨਾਟਕੀ ਬਰੀਕੀਆਂ ਨੂੰ ਸਮਝਿਆ ਤੇ ਜਾਣਿਆ। ਲੰਮਾ ਸਮਾਂ ਮੋਗਾ ਕਾਲਜ ਵਿੱਚ ਪੜ੍ਹਾਉਣ ਤੋਂ ਬਾਦ ਹੁਣ ਉਹ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਕਾਰਜਸ਼ੀਲ ਹੈ। ਉਹਨੂੰ ਸਾਲ 2023 ਦਾ ਭਾਰਤੀ ਸੰਗੀਤ ਨਾਟਕ ਅਕਾਦਮੀ ਪੁਰਸਕਾਰ ਪ੍ਰਾਪਤ ਹੋ ਚੁੱਕਾ ਹੈ।

ਰੀਵਿਊ ਅਧੀਨ ਪੁਸਤਕ ਦੀ ਲੇਖਕਾ ਮਨਜਿੰਦਰ ਕੌਰ ਮੰਡੇਰ ਇਨ੍ਹੀਂ ਦਿਨੀਂ ਇੱਕ ਕਾਲਜ ਵਿੱਚ ਬਤੌਰ ਸਹਾਇਕ ਪ੍ਰੋਫ਼ੈਸਰ ਸੇਵਾ ਨਿਭਾ ਰਹੀ ਹੈ। ਉਹਨੇ ਆਪਣੀ ਕਾਲਜ ਪੜ੍ਹਾਈ ਦੌਰਾਨ ਵਿਭਿੰਨ ਪਰਫਾਰਮਿੰਗ ਆਰਟਸ ਵਿੱਚ ਭਾਗ ਲਿਆ ਹੈ, ਜਿਸ ਕਰਕੇ ਉਹਨੂੰ ਨਾਟਕੀ ਜੁਗਤਾਂ ਦਾ ਚੋਖਾ ਗਿਆਨ ਹੈ। ਮੰਡੇਰ ਨੇ ਪਾਲੀ ਦੇ ਕੁਝ ਚੋਣਵੇਂ ਨਾਟਕਾਂ ਨੂੰ ਕੇਂਦਰ ਵਿੱਚ ਰੱਖ ਕੇ ਉਨ੍ਹਾਂ ਦਾ ਨਾਰੀਵਾਦੀ ਅਧਿਐਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਲੇਖਕਾ ਨੇ ਇਸ ਸਮੀਖਿਆ ਪੁਸਤਕ ਦੇ ਪੰਜ ਅਧਿਆਇ ਬਣਾਏ ਹਨ। ਪਹਿਲਾ ਅਧਿਆਇ ਨਾਰੀਵਾਦ ਦੇ ਸਿਧਾਂਤਕ ਤੇ ਇਤਿਹਾਸਕ ਪਰਿਪੇਖ ਨਾਲ ਵਾਬਸਤਾ ਹੈ, ਜਿਸ ਵਿੱਚ ਨਾਰੀਵਾਦ ਦੀ ਪਰਿਭਾਸ਼ਾ, ਸਾਹਿਤ ਨਾਲ ਸੰਬੰਧ, ਨਾਰੀਵਾਦ ਦਾ ਇਤਿਹਾਸਕ ਪੱਖ, ਔਰਤ ਦੀ ਸਥਿਤੀ ਦਾ ਇਤਿਹਾਸਕ ਪਿਛੋਕੜ ਸਪਸ਼ਟ ਕੀਤਾ ਗਿਆ ਹੈ। ਇਸ ਅਧਿਐਨ ਵਿੱਚ ਲੇਖਕਾ ਨੇ ਪੰਜਾਬੀ ਆਲੋਚਕਾਂ ਦੇ ਨਾਲ ਨਾਲ ਜੂਲੀਆ ਕ੍ਰਿਸਟੀਵਾ, ਜੇ ਐੱਸ ਮਿਲ, ਇਮੈਨੁਅਲ ਕਾਂਤ ਸਮੇਤ ਮਹਾਭਾਰਤ, ਉਪਨਿਸ਼ਦਾਂ, ਨਾਥਾਂ ਜੋਗੀਆਂ ਦੇ ਕਥਨਾਂ ਨੂੰ ਢੁਕਵੇਂ ਹਵਾਲਿਆਂ ਵਜੋਂ ਵਰਤਿਆ ਹੈ। ਇਸ ਅਧਿਐਨ ਦਾ ਸਿੱਟਾ ਕਢਦਿਆਂ ਲੇਖਕਾ ਲਿਖਦੀ ਹੈ ਕਿ ਪਿੱਤਰ-ਸੱਤਾ ਸਮਾਜ ਵਿੱਚ ਘਰ ਪਰਿਵਾਰ, ਗਲੀ ਬਜ਼ਾਰ, ਦਫ਼ਤਰ ਰੋਜ਼ਗਾਰ ਆਦਿ ਥਾਂਵਾਂ ਤੇ ਔਰਤ ਦੀ ਸੁਰੱਖਿਆ ਨਿਗੂਣੀ ਹੈ। ਬਲਾਤਕਾਰ, ਦਾਜ, ਉਤਪੀੜਨ, ਭਰੂਣ ਹੱਤਿਆ ਜਿਹੀਆਂ ਨਾਰੀ ਵਿਰੋਧੀ ਕਾਰਵਾਈਆਂ ਦੀ ਭਰਮਾਰ ਹੈ। ਔਰਤਾਂ ਨੂੰ ਜਾਗਰੂਕ ਹੋਣ ਲਈ ਨਾਰੀਵਾਦ ਜਿਹੇ ਕਲਿਆਣਕਾਰੀ ਸੰਕਲਪਾਂ ਨਾਲ ਜੁੜਨਾ ਬਹੁਤ ਜ਼ਰੂਰੀ ਹੈ।

ਪੁਸਤਕ ਦੇ ਦੂਜੇ, ਤੀਜੇ, ਚੌਥੇ ਤੇ ਪੰਜਵੇਂ ਅਧਿਆਇ ਵਿੱਚ ਪਾਲੀ ਭੁਪਿੰਦਰ ਸਿੰਘ ਦੇ ਚਾਰ ਨਾਟਕਾਂ ਨੂੰ ਨਾਰੀਵਾਦੀ ਦ੍ਰਿਸ਼ਟੀਕੋਣ ਤੋਂ ਅਧਿਐਨ ਦਾ ਵਿਸ਼ਾ ਬਣਾਇਆ ਗਿਆ ਹੈ। ਇਨ੍ਹਾਂ ਨਾਟਕਾਂ ਵਿੱਚ ਸਿਰਜਣਾ, ਚੰਦਨ ਦੇ ਓਹਲੇ, ਟੈਰੱਰਿਸਟ ਦੀ ਪ੍ਰੇਮਿਕਾ ਅਤੇ ਦਿੱਲੀ ਰੋਡ ਇੱਕ ਹਾਦਸਾ ਦੇ ਨਾਂ ਸ਼ਾਮਲ ਹਨ। ਸਿਰਜਣਾ ਦੇ ਅਧਿਐਨ ਵਿੱਚ ਲੇਖਕਾ ਨੇ ਸਿੱਟਾ ਕੱਢਿਆ ਹੈ ਕਿ ਨਾਟਕ ਦੀ ਨਾਇਕਾ ਸਿਰਜਣਾ ਪੜ੍ਹੀ-ਲਿਖੀ ਹੋਣ ਦੇ ਨਾਲ ਨਾਲ ਨਾਰੀਵਾਦੀ ਹੋਣ ਦਾ ਸਬੂਤ ਵੀ ਦਿੰਦੀ ਹੈ। ਉਹ ਸਧਾਰਨ ਔਰਤ ਨਾਲੋਂ ਵਿੱਥ ਤੇ ਖੜ੍ਹੀ ਹੋ ਕੇ ਆਪਣੀ ਧੀ ਨੂੰ ਕੁੱਖ ਵਿੱਚ ਕਤਲ ਕਰਵਾਉਣ ਦੀ ਥਾਂ ਉਹਨੂੰ ਜਨਮ ਦੇਣ ਦਾ ਫ਼ੈਸਲਾ ਕਰਦੀ ਹੈ। ਫਿਰ ਉਹਦਾ ਪਤੀ ਵੀ ਹਮਾਇਤ ਕਰਦਾ ਹੈ। ਇਸ ਨਾਟਕ ਦੀ ਨਾਇਕਾ ਆਪਣੇ ਵਰਗੀਆਂ ਹੋਰ ਔਰਤਾਂ ਨੂੰ ਮੁੰਡੇ ਤੇ ਕੁੜੀ ਨੂੰ ਬਰਾਬਰ ਸਮਝਣ ਤੇ ਬਗ਼ਾਵਤ ਕਰਨ ਦਾ ਸੰਦੇਸ਼ ਦਿੰਦੀ ਹੈ। ਚੰਦਨ ਦੇ ਓਹਲੇ ਦੀ ਨਾਇਕਾ ਮਾਣਾ ਰਾਹੀਂ ਪਾਲੀ ਭੁਪਿੰਦਰ ਨੇ ਧੀਆਂ ਨਾਲ ਹੋ ਰਹੀ ਬੇਇਨਸਾਫ਼ੀ ਦਾ ਪਰਦਾਫ਼ਾਸ਼ ਕੀਤਾ ਹੈ। ਮਾਪੇ ਧੀਆਂ ਨੂੰ ਪਰਵਾਸੀ ਬੁੱਢਿਆਂ ਨਾਲ ਵਿਆਹ ਕੇ ਉਹਦੇ ਰਾਹੀਂ ਆਪ ਵਿਦੇਸ਼ ਜਾਣ ਦੀ ਵਿਉਂਤ ਬਣਾ ਰਹੇ ਹਨ। ਟੈਰੱਰਿਸਟ ਦੀ ਪ੍ਰੇਮਿਕਾ ਦੀ ਅਨੀਤ ਆਪਣੇ ਹੀ ਪਤੀ ਦੇ ਅੱਤਵਾਦੀ ਹੋਣ ਦਾ ਪਤਾ ਲੱਗਣ ਤੇ ਉਹਨੂੰ ਜਾਨੋਂ ਮਾਰ ਦਿੰਦੀ ਹੈ। ਅਨੀਤ ਸਮੁੱਚੀ ਮਾਨਵਤਾ ਨੂੰ ਸੱਚਾਈ ਦਾ ਸਾਥ ਦੇਣ ਅਤੇ ਜ਼ੁਲਮ ਦੇ ਖ਼ਿਲਾਫ਼ ਡਟਣ ਦਾ ਪੈਗ਼ਾਮ ਦਿੰਦੀ ਹੈ। ਦਿੱਲੀ ਰੋਡ ਇੱਕ ਹਾਦਸਾ ਵਿੱਚ ਅਹੱਲਿਆ, ਰਾਮ, ਸੀਤਾ, ਰਾਵਣ, ਸਰੂਪਨਖਾ ਆਦਿ ਪਾਤਰਾਂ ਰਾਹੀਂ ਪੁਰਾਣੇ ਸਮੇਂ ਤੋਂ ਹੀ ਔਰਤ ਦੀ ਸਮਾਜ ਵਿੱਚ ਦੁਰਦਸ਼ਾ ਨੂੰ ਚਿੱਤਰਿਆ ਗਿਆ ਹੈ। ਇਸ ਨਾਟਕ ਵਿਚਲੀਆਂ ਔਰਤਾਂ ਸੀਮਾ, ਰੂਪਾ, ਦੁਆਰਕੀ ਆਦਿ ਨਵ-ਯਥਾਰਥ ਦੇ ਰੂਬਰੂ ਹਨ ਤੇ ਆਪਣੀ ਇੱਛਾ/ਹਾਲਾਤ ਮੁਤਾਬਕ ਫ਼ੈਸਲੇ ਲੈਂਦੀਆਂ ਹਨ।

ਪੁਸਤਕ ਲੇਖਕਾ ਬੀਬਾ ਮਨਜਿੰਦਰ ਕੌਰ ਨੇ ਪਾਲੀ ਭੁਪਿੰਦਰ ਸਿੰਘ ਦੇ ਨਾਟਕਾਂ ਵਿਚਲੀਆਂ ਵਿਭਿੰਨ ਨਾਰੀਆਂ ਦਾ ਨਾਰੀਵਾਦੀ ਨਜ਼ਰੀਏ ਤੋਂ ਸੂਖ਼ਮ ਵਿਸ਼ਲੇਸ਼ਣ ਕਰਕੇ ਸਪਸ਼ਟ ਕੀਤਾ ਹੈ ਕਿ ਪਾਲੀ ਦੇ ਨਾਟਕਾਂ ਦੀ ਨਾਰੀ ਕੋਈ ਸਧਾਰਨ ਨਾਰੀ ਨਹੀਂ ਹੈ। ਉਹ ਆਪਣੇ ਨਾਲ ਹੋ ਰਹੀ ਕਿਸੇ ਵੀ ਵਧੀਕੀ ਨੂੰ ਸਹਿਣ ਨਹੀਂ ਕਰਦੀ ਤੇ ਉਸਦਾ ਜ਼ੋਰਦਾਰ ਵਿਰੋਧ ਕਰਦੀ ਹੈ। ਚੰਗਾ ਹੁੰਦਾ ਜੇਕਰ ਮਨਜਿੰਦਰ ਆਪਣੇ ਬਾਰੇ ਵੀ ਥੋੜ੍ਹੀ-ਬਹੁਤ ਜਾਣਕਾਰੀ ਦੇ ਦਿੰਦੀ। ਇਸੇ ਤਰ੍ਹਾਂ ਪਾਲੀ ਭੁਪਿੰਦਰ ਸਿੰਘ ਦੇ ਜੀਵਨ ਤੇ ਰਚਨਾਵਾਂ ਬਾਰੇ ਵੀ ਕੁਝ ਵਿਸਥਾਰ ਵਿੱਚ ਲਿਖਣਾ ਚਾਹੀਦਾ ਸੀ। ਲੇਖਕਾ ਵੱਲੋਂ ਕੀਤੇ ਗਏ ਇਸ ਅਧਿਐਨ ਨੂੰ ਇਸ ਵਿਸ਼ੇਸ਼ ਵਿਸ਼ੇ ਦੇ ਪਾਠਕ ਤੇ ਜਗਿਆਸੂ ਜੀ ਆਇਆਂ ਕਹਿਣਗੇ, ਅਜਿਹਾ ਮੇਰਾ ਵਿਸ਼ਵਾਸ ਹੈ!



ਰੋਜ਼ਾਨਾ ਲੋਕ ਬਾਣੀ www.lokbani

ਰੀਵਿਊਕਾਰ : ਪ੍ਰੋ. ਨਵ ਸੰਗੀਤ ਸਿੰਘ
# navsangeetsinghFIEG@gmail.com
# 9417692015.

# ਰੰਗਲਾ ਪੰਜਾਬ ਦੇ ਅਮੀਰ ਖਾਣੇ ਦਾ ਸਵਾਦ ਲੈਣ ਤੇ ਦੀਵਾਲੀ ਨੂੰ ਹੋਰ ਖਾਸ ਬਣਾਉਣ ਜ਼ਾਇਕਾ ਪੰਜਾਬ ਦਾ ਆ ਰਿਹਾ ਹੈ ਇਸ ਸ਼ਨੀਵਾਰ ਸ਼ਾਮ 6 ਵਜੇ !!




(ਲੋਕ ਬਾਣੀ) ਇਸ ਦੀਵਾਲੀ ਤੇ, ਜ਼ੀ ਪੰਜਾਬੀ ਜ਼ਾਇਕਾ ਪੰਜਾਬ ਦਾ ਦੇ ਇੱਕ ਵਿਸ਼ੇਸ਼ ਐਪੀਸੋਡ ਨਾਲ ਤਿਉਹਾਰਾਂ ਦੀ ਭਾਵਨਾ ਨੂੰ ਜੀਵਨ ਵਿੱਚ ਲਿਆਉਂਦਾ ਹੈ, ਇਸ ਸ਼ਨੀਵਾਰ ਨੂੰ ਸ਼ਾਮ 6 ਵਜੇ ਪ੍ਰਸਾਰਿਤ, ਐਪੀਸੋਡ ਜਲੰਧਰ ਦੇ ਰਵਾਇਤੀ ਸੁਆਦਾਂ ਰਾਹੀਂ ਇੱਕ ਰਸੋਈ ਯਾਤਰਾ ਦਾ ਵਾਅਦਾ ਕਰਦਾ ਹੈ, ਜੋ ਪੰਜਾਬ ਦੇ ਜੀਵੰਤ ਸੱਭਿਆਚਾਰ ਅਤੇ ਤਿਉਹਾਰਾਂ ਦੇ ਤੱਤ ਨੂੰ ਪੂਰੀ ਤਰ੍ਹਾਂ ਨਾਲ ਫੜਦਾ ਹੈ।

ਮੇਜ਼ਬਾਨ ਅਨਮੋਲ ਗੁਪਤਾ ਅਤੇ ਦੀਪਾਲੀ ਮੋਂਗਾ ਜਲੰਧਰ ਦੀਆਂ ਅਮੀਰ ਭੋਜਨ ਪਰੰਪਰਾਵਾਂ ਦੇ ਦਿਲ ਦੀ ਪੜਚੋਲ ਕਰਨਗੇ, ਦਰਸ਼ਕਾਂ ਨੂੰ ਦੀਵਾਲੀ ਦੇ ਪਕਵਾਨਾਂ ਅਤੇ ਸਥਾਨਕ ਪਕਵਾਨਾਂ ਦਾ ਸਵਾਦ ਪੇਸ਼ ਕਰਨਗੇ। ਇਹ ਐਪੀਸੋਡ ਰਸੋਈ ਵਿਰਾਸਤ ਦਾ ਜਸ਼ਨ ਮਨਾਉਂਦਾ ਹੈ ਜੋ ਜਲੰਧਰ ਨੂੰ ਸਵਾਦਿਸ਼ਟ ਚਾਟਾਂ ਤੋਂ ਮਿੱਠੇ ਸੁਆਦਾਂ ਤੱਕ ਭੋਜਨ ਪ੍ਰੇਮੀਆਂ ਦਾ ਫਿਰਦੌਸ ਬਣਾਉਂਦਾ ਹੈ। ਤਿਉਹਾਰ ਨੂੰ ਹੋਰ ਵੀ ਯਾਦਗਾਰ ਬਣਾਉਣ ਲਈ, ਮੇਜ਼ਬਾਨ ਇੱਕ ਵਿਸ਼ੇਸ਼ ਤੌਰ ਤੇ ਤਿਆਰ ਕੀਤੀ ਗਈ ਦੀਵਾਲੀ ਥਾਲੀ ਪੇਸ਼ ਕਰਨਗੇ, ਜਿਸ ਵਿੱਚ ਪਨੀਰ ਸਬਜ਼ੀ, ਦਾਲ, ਦਹੀ-ਭੱਲਾ, ਚਾਵਲ, ਰੋਟੀ, ਪਿਆਜ਼, ਚਟਨੀ, ਅਚਾਰ, ਪਾਪੜ ਅਤੇ ਇੱਕ ਮਿੱਠੀ ਡਿਸ਼ ਸ਼ਾਮਲ ਹੈ, ਜਿਸ ਨੂੰ ਹੋਰ ਖੁਸ਼ੀ ਦੇਣ ਲਈ ਤਿਆਰ ਕੀਤਾ ਗਿਆ ਹੈ

ਮੂੰਹ ਨੂੰ ਪਾਣੀ ਦੇਣ ਵਾਲੇ ਪਕਵਾਨਾਂ ਦੇ ਨਾਲ-ਨਾਲ, ਰੰਗਲਾ ਪੰਜਾਬ ਦੀਵਾਲੀ ਵਿਸ਼ੇਸ਼ ਪੰਜਾਬ ਦੇ ਨਿੱਘ, ਏਕਤਾ, ਅਤੇ ਖ਼ੁਸ਼ੀ ਦੀ ਭਾਵਨਾ ਨੂੰ ਦਰਸਾਉਂਦੀ ਹੈ। ਇਹ ਸ਼ੋਅ ਸਥਾਨਕ ਸਟ੍ਰੀਟ ਵਿਕਰੇਤਾਵਾਂ ਅਤੇ ਪ੍ਰਸਿੱਧ ਸ਼ੈੱਫਾਂ ਨੂੰ ਉਜਾਗਰ ਕਰੇਗਾ ਜੋ ਤਿਉਹਾਰਾਂ ਦੇ ਪਕਵਾਨ ਤਿਆਰ ਕਰਦੇ ਹਨ, ਨਾਲ ਹੀ ਸੱਭਿਆਚਾਰਕ ਤੱਤਾਂ ਜਿਵੇਂ ਕਿ ਭੰਗੜਾ ਪ੍ਰਦਰਸ਼ਨ ਅਤੇ ਲੋਕ ਸੰਗੀਤ, ਦੀਵਾਲੀ ਦੇ ਜਸ਼ਨਾਂ ਦੇ ਅਸਲੀ ਸੁਆਦ ਨੂੰ ਹਾਸਲ ਕਰਦੇ ਹੋਏ।


ਜ਼ਾਇਕਾ ਪੰਜਾਬ ਦਾ ਸਿਰਫ਼ ਭੋਜਨ ਹੀ ਨਹੀਂ ਹੈ; ਇਹ ਭਾਈਚਾਰੇ ਅਤੇ ਪਰੰਪਰਾ ਦਾ ਜਸ਼ਨ ਮਨਾਉਂਦਾ ਹੈ। ਇਹ ਦੀਵਾਲੀ ਵਿਸ਼ੇਸ਼ ਦਰਸ਼ਕਾਂ ਨਾਲ ਗੂੰਜੇਗਾ ਕਿਉਂਕਿ ਅਸੀਂ ਭੋਜਨ, ਸੱਭਿਆਚਾਰ ਅਤੇ ਤਿਉਹਾਰਾਂ ਨੂੰ ਮਿਲਾਉਂਦੇ ਹਾਂ, ਮੇਜ਼ਬਾਨਾਂ ਨੇ ਸਾਂਝਾ ਕੀਤਾ। ਜ਼ੀ ਪੰਜਾਬੀ ਤੇ ਇਸ ਸ਼ਨੀਵਾਰ ਸ਼ਾਮ 6 ਵਜੇ ਜ਼ਾਇਕਾ ਪੰਜਾਬ ਦਾ ਨਾਲ ਜੁੜੋ ਅਤੇ ਰੰਗਲਾ ਪੰਜਾਬ ਦੇ ਰੰਗਾਂ ਅਤੇ ਸੁਆਦਾਂ ਵਿੱਚ ਲੀਨ ਹੋ ਜਾਓ।

# ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਦੀ ਮਹੀਨਾਵਾਰ ਮੀਟਿੰਗ ਹੋਈ, ਕਈ ਅਹਿਮ ਮੁੱਦੇ ਵਿਚਾਰਾਧੀਨ



ਬਠਿੰਡਾ (ਲੋਕ ਬਾਣੀ)--ਦੱਬੇ ਕੁਚਲੇ ਲੋਕਾਂ ਦੀ ਆਵਾਜ਼ ਬੁਲੰਦ ਕਰਨ ਵਾਲਾ ਅਤੇ ਅਹਿਮ ਸਮਜਿਕ ਮੁੱਦਿਆਂ ਨੂੰ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਣ ਲਈ ਹਮੇਸ਼ਾਂ ਤਤਪਰ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਦੀ ਮਹੀਨਾਵਾਰ ਮੀਟਿੰਗ ਅੱਜ ਇੱਥੇ ਸਥਿਤ ਟੀਚਰਜ਼ ਹੋਮ ਵਿਖੇ ਪ੍ਰਧਾਨ ਗੁਰਜੀਤ ਚੌਹਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਜਿੱਥੇ ਪੱਤਰਕਾਰਾਂ ਨੂੰ ਦਰਪੇਸ਼ ਆਉਂਦੀਆਂ ਸਮੱਸਿਆਵਾਂ ਅਤੇ ਸਮਾਜ ਦੇ ਕੁੱਝ ਜਰੂਰੀ ਮੁੱਦੇ ਵਿਚਾਰੇ ਗਏ ਉੱਥੇ ਹੀ ਸ਼ਹਿਰ ਅੰਦਰ ਲਾਅ ਐਂਡ ਆਰਡਰ ਦੀ ਮੌਜੂਦਾ ਸਥਿਤੀ ਉੱਤੇ ਵੀ ਵਿਚਾਰ ਕੀਤਾ ਗਿਆ ਅਤੇ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਵੱਲੋਂ ਪ੍ਰਸ਼ਾਸਨ ਨੂੰ ਲੋੜੀਂਦਾ ਸਹਿਯੋਗ ਦੇਣ ਦਾ ਵੀ ਅਹਿਦ ਲਿਆ ਗਿਆ। ਜ਼ਿਕਰਯੋਗ ਹੈ ਕਿ ਪ੍ਰੈੱਸ ਕਲੱਬ ਵੱਲੋਂ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਦਿਆਂ ਸਮੇਂ ਸਮੇਂ ਤੇ ਸਮਾਜ ਭਲਾਈ ਦੇ ਕੰਮਾਂ ਨੂੰ ਵੀ ਤਰਜੀਹ ਦਿੱਤੀ ਜਾਂਦੀ ਹੈ। ਜਿਸ ਤਹਿਤ ਮੁਫ਼ਤ ਮੈਡੀਕਲ ਕੈਂਪ ਲਗਾਉਣੇ, ਗਰੀਬ ਲੜਕੀਆਂ ਦੇ ਵਿਆਹ ਕਰਨੇ, ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਦੇਣਾ ਆਦਿ ਸ਼ਾਮਿਲ ਹਨ। ਦੱਸ ਦੇਈਏ ਕਿ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਵੱਲੋਂ ਦਿਨ ਬ ਦਿਨ ਪ੍ਰਦੂਸ਼ਿਤ ਹੋ ਰਹੇ ਵਾਤਾਵਰਣ ਨੂੰ ਰੋਕਣ ਲਈ ਜ਼ਿਲ੍ਹੇ ਦੇ ਲਈ ਪਿੰਡਾਂ ਵਿੱਚ ਅਤੇ ਬਠਿੰਡਾ ਸ਼ਹਿਰ ਦੀਆਂ ਕਈ ਸਾਂਝੀਆਂ ਥਾਵਾਂ ਤੇ ਸੈਂਕੜੇ ਪੇੜ ਪੌਦੇ ਲਗਾ ਉਹਨਾਂ ਦੀ ਨਿਰੰਤਰ ਦੇਖ ਭਾਲ ਵੀ ਕੀਤੀ ਜਾ ਰਹੀ ਹੈ। ਅੱਜ ਦੀ ਇਸ ਮੀਟਿੰਗ ਵਿੱਚ ਹਾਜ਼ਰ ਪ੍ਰੈੱਸ ਕਲੱਬ ਦੇ ਮੈਂਬਰ ਸਹਿਬਾਨ ਅਤੇ ਅਹੁਦੇਦਾਰਾਂ ਨੇ ਜਿਨਾ ਵਿੱਚ ਕਲੱਬ ਦੇ ਸਰਪ੍ਰਸਤ ਜਸਕਰਨ ਸਿੰਘ ਸਿਵੀਆਂ, ਪ੍ਰਧਾਨ ਡਾ ਗੁਰਜੀਤ ਚੌਹਾਨ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਚਹਿਲ, ਪ੍ਰੈੱਸ ਸਕੱਤਰ ਗੁਰਸੇਵਕ ਸਿੰਘ ਚੁੱਘੇ ਖੁਰਦ, ਸਲਾਹਕਾਰ ਰਾਜ ਕੁਮਾਰ, ਨਸੀਬ ਚੰਦ ਸ਼ਰਮਾ, ਗੁਰਪ੍ਰੀਤ ਗੋਪੀ ਜ਼ੀਰੇਵਾਲ਼ਾ ਆਦਿ ਮੈਂਬਰਾਂ ਨੇ ਵਿਚਾਰ ਕੀਤਾ ਕਿ ਲੰਘੇ ਦੀਵਾਲੀ ਦੇ ਤਿਉਹਾਰ ਦੌਰਾਨ ਚੱਲੇ ਪਟਾਕਿਆਂ ਨਾਲ ਹੋਏ ਹਵਾ ਪ੍ਰਦੂਸ਼ਣ ਕਾਰਨ ਬਹੁਤ ਸਾਰੇ ਲੋਕਾਂ ਦੀਆਂ ਅੱਖਾਂ ਨੂੰ ਨੁਕਸਾਨ ਹੋਣ ਦਾ ਖਦਸ਼ਾ ਹੈ। ਇਸੇ ਨੂੰ ਧਿਆਨ ਚ ਰਖਦੇ ਹੋਏ ਪ੍ਰੈੱਸ ਕਲੱਬ ਨੂੰ ਆਉਂਦੇ ਦਿਨਾਂ ਵਿੱਚ ਇੱਕ ਅੱਖਾਂ ਦੇ ਮੁਫ਼ਤ ਕੈਂਪ ਦਾ ਆਯੋਜਨ ਕਰਨਾ ਚਾਹੀਦਾ ਹੈ। ਇਸ ਗੱਲ ਤੇ ਸਮੁੱਚੇ ਮੈਂਬਰਾਂ ਦੀ ਸਹਿਮਤੀ ਹੋਣ ਤੇ ਮਤਾ ਪਾਇਆ ਗਿਆ ਕਿ ਇਸ ਸਬੰਧੀ ਇੱਕ ਰੂਪ ਰੇਖਾ ਤਿਆਰ ਕਰਦਿਆਂ ਨਵੰਬਰ ਦੇ ਦੂਜੇ ਹਫਤੇ ਅੱਖਾਂ ਦੇ ਮੁਫ਼ਤ ਕੈਂਪ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਅੱਖਾਂ ਦੇ ਮੁਫ਼ਤ ਚੈੱਕ ਅਪ, ਮੁਫ਼ਤ ਦਵਾਈਆਂ, ਐਨਕਾਂ ਅਤੇ ਮੁਫ਼ਤ ਅਪ੍ਰੇਸ਼ਨ ਤੱਕ ਦਾ ਵੀ ਪ੍ਰਬੰਧ ਕੀਤਾ ਜਾਵੇਗਾ। ਪ੍ਰੈੱਸ ਕਲੱਬ ਦੀਆਂ ਗਤੀਵਿਧੀਆਂ ਨੂੰ ਦੇਖਦੇ ਹੋਏ ਪੱਤਰਕਾਰ ਸਰਵਣ ਸਿੰਘ ਨੇ ਕਲੱਬ ਚ ਸ਼ਾਮਲ ਹੋਣ ਦੀ ਇੱਛਾ ਜ਼ਾਹਰ ਕੀਤੀ ਜਿਸਨੂੰ ਸਵੀਕਾਰ ਕਰਦਿਆਂ ਪ੍ਰੈੱਸ ਕਲੱਬ ਦੇ ਸਮੂਹ ਮੈਂਬਰ ਸਹਿਬਾਨਾਂ ਨੇ ਉਹਨਾ ਨੂੰ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਪਰਿਵਾਰ ਵਿੱਚ ਸ਼ਾਮਲ ਹੋਣ ਤੇ ਸਵਾਗਤ ਕੀਤਾ। ਪੱਤਰਕਾਰ ਸਰਵਣ ਸਿੰਘ ਨੇ ਵੀ ਤਨ, ਮਨ, ਧਨ ਨਾਲ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਦੀ ਸੇਵਾ ਕਰਨ ਦਾ ਬਚਨ ਦਿੱਤਾ।

# ਜਾਗ੍ਰਿਤੀ ਫਾਊਂਡੇਸ਼ਨ ਚੈਰੀਟੇਬਲ ਟਰੱਸਟ ਵੱਲੋਂ ਸਾਲਾਨਾ ਫੈਲੋਸ਼ਿਪ ਵੰਡ ਸਮਾਰੋਹ 6 ਨਵੰਬਰ ਨੂੰ ਯੂਨੀਵਰਸਿਟੀ ਕਾਲਜ ਨਿਆੜੀ ਵਿਖੇ ਹੋਵੇਗਾ




ਨਿਆੜੀ, ਪਠਾਨਕੋਟ-(ਲੋਕ ਬਾਣੀ) ਜਾਗ੍ਰਿਤੀ ਫਾਊਂਡੇਸ਼ਨ ਚੈਰੀਟੇਬਲ ਟਰੱਸਟ ਅਤੇ ਐਸ.ਆਰ.ਐਸ.ਪੀ.ਐਮ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਨਿਆੜੀ ਤਹਿਸੀਲ ਧਾਰ ਕਲਾਂ ਜ਼ਿਲ੍ਹਾ ਪਠਾਨਕੋਟ ਵੱਲੋਂ ਸਲਾਨਾ ਫੈਲੋਸ਼ਿਪ ਵੰਡ ਸਮਾਗਮ 6 ਨਵੰਬਰ, 2024 ਨੂੰ ਕਾਲਜ ਦੇ ਵਿਹੜੇ ਵਿੱਚ ਕਰਵਾਇਆ ਜਾ ਰਿਹਾ ਹੈ। ਵੰਡ ਸਮਾਰੋਹ ਜਿਸ ਵਿੱਚ ਵਿਦਿਆਰਥੀਆਂ ਨੂੰ 1.85 ਲੱਖ ਰੁਪਏ ਦੀ ਫੈਲੋਸ਼ਿਪ ਵੰਡੀ ਜਾਵੇਗੀ। ਪ੍ਰੋਗਰਾਮ ਵਿੱਚ ਸ਼੍ਰੀ ਅਦਿੱਤਿਆ ਉੱਪਲ ਆਈ.ਏ.ਐਸ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਮਾਸਟਰ ਮੋਹਨ ਲਾਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸਮਾਗਮ ਦੀ ਪ੍ਰਧਾਨਗੀ ਸਾਬਕਾ ਪੀਸੀਐਸ ਆਰ.ਪੀ.ਐਸ ਵਾਲੀਆ, ਮੈਨੇਜਿੰਗ ਟਰੱਸਟੀ ਜਾਗ੍ਰਿਤੀ ਫਾਊਂਡੇਸ਼ਨ ਚੈਰੀਟੇਬਲ ਟਰੱਸਟ ਕਰਨਗੇ। ਟਰੱਸਟ ਦੇ ਡਾਇਰੈਕਟਰ ਲੋਕ ਸੰਪਰਕ ਅਤੇ ਮੀਡੀਆ ਭਗਵਾਨ ਦਾਸ ਗੁਪਤਾ ਨੇ ਦੱਸਿਆ ਕਿ ਸਮਾਗਮ ਸਵੇਰੇ 11:00 ਵਜੇ ਸ਼ੁਰੂ ਹੋਵੇਗਾ। ਸਾਰੇ ਮਾਨਯੋਗ ਪਤਵੰਤਿਆਂ ਸਰਪ੍ਰਸਤਾਂ, ਸਮੂਹ ਮੈਂਬਰਾਂ, ਟਰੱਸਟੀਆਂ ਅਤੇ ਟਰੱਸਟ ਦੇ ਡਾਇਰੈਕਟਰਾਂ ਨੂੰ ਨਿੱਘਾ ਸੱਦਾ ਸੱਦਾ ਦਿੱਤਾ ਜਾਂਦਾ ਹੈ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕਾਲਾਝਾੜ ਟੋਲ ਪਲਾਜਾ ਤੇ ਪੱਕਾ ਮੋਰਚਾ 18ਵੇਂ ਦਿਨ ਵੀ ਜਾਰੀ ਰਿਹਾ



ਸੰਗਰੂਰ (ਲੋਕ ਬਾਣੀ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਤਰਫੋਂ ਅੱਜ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਦੀ ਅਗਵਾਈ ਹੇਠ ਕਾਲਾਝਾੜ ਟੋਲ ਪਲਾਜੇ ਤੇ ਲਾਇਆ ਹੋਇਆ ਪੱਕਾ ਮੋਰਚਾ 18ਵੇ ਦਿਨ ਵੀ ਜਾਰੀ ਰਿਹਾ ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੂਬਾ ਮੀਤ ਪ੍ਰਧਾਨ ਜਨਕ ਸਿੰਘ ਭੁਟਾਲ ਅਤੇ ਸੂਬਾ ਪ੍ਰਚਾਰ ਸਕੱਤਰ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਇਸੇ ਦੌਰਾਨ ਆਗੂਆਂ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਮੋਸਚਰ ਦੇ ਨਾਂ ਤੇ 126 ਕਿਸਮ ਅਤੇ ਬਾਸਮਤੀ ਕਿਸਮਾਂ ਦੀ ਲੁੱਟ ਵੱਡੇ ਪੱਧਰ ਤੇ ਕੀਤੀ ਗਈ ਹੈ, ਕਿਸਾਨ ਆਗੂਆਂ ਨੇ ਮੰਗ ਕੀਤੀ ਝੋਨਾ ਵੇਚਣ ਵੇਲੇ ਕਿਸਾਨਾਂ ਨੂੰ ਦੋ ਤ੍ਰਾਹ ਦੇ ਘਾਟੇ ਪਏ ਹਨ। ਜੋ ਕਿ ਸਰਕਾਰ ਉਸਦੀ ਪੂਰਤੀ ਕਰੇ ਜਿਹੜੇ ਕਿਸਾਨਾਂ ਨੂੰ ਐੱਮ ਐੱਸ ਪੀ ਤੋਂ ਰੇਟ ਘੱਟ ਮਿਲਿਆ ਉਹ ਪਿੰਡ ਇਕਾਈਆਂ ਨਾਲ ਸੰਪਰਕ ਕਰਨ ਤਾਂ ਜੋ ਕਿਸਾਨਾਂ ਨੂੰ ਪਏ ਘਾਟੇ ਦੀ ਪੂਰਤੀ ਕਰਵਾਈ ਜਾਂ ਸਕੇ ਜੋ ਝੋਨਾ ਮੰਡੀਆਂ ਵਿੱਚ ਪਿਆ ਹੈ ਅਤੇ ਖੇਤ ਵਿਚ ਖੜ੍ਹਾ ਹੈ ਉਹ ਬਿਲਕੁਲ ਸੁੱਕਾ ਹੈ ਇਸ ਕਰਕੇ ਇਸ ਤੇ ਮੋਸਚਰ ਦੀ ਸ਼ਰਤ ਖ਼ਤਮ ਕੀਤੀ ਜਾਵੇ ਦਾਗੀ ਦਾਣਿਆਂ ਦੀ ਸ਼ਰਤ ਖ਼ਤਮ ਕੀਤੀ ਜਾਵੇ ਨਵੇਂ ਚੌਲਾਂ ਦੀ ਸਟੋਰੇਜ ਲਈ ਪੁਰਾਣੇ ਚੌਲਾਂ ਦੀ ਲਿਫਟਿੰਗ ਤੇਜ਼ੀ ਨਾਲ ਕੀਤੀ ਜਾਵੇ,ਲਾਲ ਐਂਟਰੀਆਂ ਕਰਨ ਦਾ ਜਬਰ ਸਿਲਸਿਲਾ ਖਤਮ ਕੀਤਾ ਜਾਵੇ, ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਉਹਨਾਂ ਦੀ ਮੰਗ ਅਨੁਸਾਰ ਮਿਥੋ ਅਤੇ ਹੱਕੀ ਮੰਗਾਂ ਵੀ ਮੰਨੋਂ ਪਰਾਲੀ ਦੇ ਨਿਪਟਾਰੇ ਵਾਸਤੇ ਕਿਸਾਨਾਂ ਨੂੰ 200 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ, ਡੀ ਏ ਪੀ ਦੀ ਕਮੀ ਜਲਦੀ ਦੂਰ ਕੀਤੀ ਜਾਵੇ ਜੋ ਕਿਸਾਨਾਂ ਵੱਲੋਂ ਰੇਅ ਸਪਰੇਅ ਦਵਾਈਆਂ ਖਾਦਾਂ ਵਰਤੀਆਂ ਜਾਂਦੀਆਂ ਹਨ ਉਹਨਾਂ ਨੂੰ ਚੈੱਕ ਕਰਨ ਵਾਸਤੇ ਸਰਕਾਰ ਲੈਬੋਰਟਰੀਆਂ ਦਾ ਪ੍ਰਬੰਧ ਕਰੇ ਤਾਂ ਜੋ ਕਿਸਾਨਾਂ ਦੀ ਲੁੱਟ ਨਾ ਹੋ ਸਕੇ, ਨਾਲ ਹੀ ਸੂਬਾ ਪ੍ਰਧਾਨ ਨੇ ਬੋਲਦਿਆ ਕਿਹਾ ਕਿ ਜ਼ਿਮਨੀ ਚੋਣਾਂ ਪੰਜਾਬ ਅੰਦਰ ਆਉਣ ਵਾਲੇ ਦਿਨਾਂ ਵਿਚ ਹੋ ਰਹੀਆਂ ਹਨ ਉਹਨਾਂ ਦੇ ਸਬੰਧ ਵਿੱਚ ਆਪ ਦੇ ਕੈਡੀਡੇਟ ਅਤੇ ਭਾਜਪਾ ਦੇ ਕੈਨਡੀਡੇਟਾ ਦੇ ਘਰਾਂ ਅੱਗੇ ਪੱਕੇ ਮੋਰਚੇ ਲਾਏ ਜਾਣਗੇ, ਉਹਨਾਂ ਕਿਹਾ ਕਿ ਜਿਨ੍ਹਾਂ ਮੰਡੀਆਂ ਵਿੱਚ ਝੋਨਾ ਨਹੀਂ ਵਿੱਕ ਰਿਹਾ ਅਤੇ ਕਣਕ ਬੀਜਣ ਲਈ ਦਿੱਕਤ ਆ ਰਹੀ ਹੈ ਕਿਸਾਨ ਉਸਤੇ ਪਹਿਰਾ ਦੇ ਕੇ ਅਪਣਾ ਫਰਜ਼ ਨਿਭਾਉਣ ਤਾਂ ਜੋ ਕਿਸਾਨਾਂ ਤੇ ਗਲਤ ਤਰੀਕੇ ਵਰਤ ਕੇ ਪਰਚੇ ਨਾ ਪਾ ਸਕਣ। ਇਸ ਸਮੇਂ ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ, ਸੁਨਾਮ ਬਲਾਕ ਤੋਂ ਜਸਵੰਤ ਸਿੰਘ ਤੋਲਾਵਾਲ, ਭਵਾਨੀਗੜ੍ਹ ਬਲਾਕ ਤੋਂ ਅਜੈਬ ਸਿੰਘ ਲੱਖੇਵਾਲ, ਦਿੜ੍ਹਬਾ ਬਲਾਕ ਤੋਂ ਭਰਪੂਰ ਸਿੰਘ ਮੌੜਾਂ, ਧੂਰੀ ਬਲਾਕ ਤੋਂ ਜ਼ੋਰਾਂ ਸਿੰਘ ਕਧੱਰਗੜ ਛੰਨਾਂ, ਲਹਿਰਾ ਬਲਾਕ ਤੋਂ ਕਰਨੈਲ ਸਿੰਘ ਗਨੋਟਾ, ਸੰਗਰੂਰ ਬਲਾਕ ਤੋਂ ਜਗਤਾਰ ਸਿੰਘ ਲੱਡੀ, ਮਨੀ ਸਿੰਘ ਭੈਣੀ, ਅਤੇ ਗੀਤਕਾਰ ਮਿੱਠੂ ਸਿੰਘ ਕਿਲ੍ਹਾ ਭਰੀਆਂ ਆਦਿ ਨੇ ਸੰਬੋਧਨ ਕੀਤਾ।

# ਭੇਦਭਰੇ ਹਾਲਾਤਾਂ ਵਿੱਚ ਅਣਪਛਾਤੇ ਨੌਜਵਾਨ ਦੀ ਮਿਲੀ ਲਾਸ਼



ਰਾਮਪੁਰਾ ਫੂਲ (ਲੋਕ ਬਾਣੀ)-ਰਾਮਪੁਰਾ ਫੂਲ ਦੀ ਨਾਭਾ ਮੰਡੀ ਵਿਖੇ ਸੇਵਾ ਕੇਂਦਰ ਦੇ ਲਾਗੇ ਬਣੇ ਆਰ.ਓ ਕੋਲੋਂ ਇੱਕ ਅਣਪਛਾਤੇ ਨੌਜਵਾਨ ਦੀ ਭੇਦਭਰੇ ਹਾਲਾਤਾਂ ਵਿੱਚ ਲਾਸ਼ ਮਿਲਣ ਦੀ ਖਬਰ ਪ੍ਰਾਪਤ ਹੋਈ ਹੈ। ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸਵੇਰੇ ਕਰੀਬ 7 ਵਜੇ ਸਹਾਰਾ ਕੰਟਰੋਲ ਰੂਮ ਨੂੰ ਇਤਲਾਹ ਮਿਲੀ ਕਿ ਸੇਵਾ ਕੇਂਦਰ ਵਿਖੇ ਇੱਕ ਨੌਜਵਾਨ ਦੀ ਲਾਸ਼ ਪਈ ਹੈ। ਬਿਨਾਂ ਕਿਸੇ ਦੇਰੀ ਤੋਂ ਸਹਾਰਾ ਸਮਾਜ ਸੇਵਾ ਦੇ ਵਲੰਟੀਅਰ ਜਗਤਾਰ ਸਿੰਘ ਤਾਰੀ ਤੇ ਸੁਖਦੇਵ ਕਾਲਾ ਐਂਬੂਲੈਂਸ ਲੈ ਕੇ ਘਟਨਾ ਸਥਾਨ ਤੇ ਪੁੱਜੇ। ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਉਕਤ ਨੌਜਵਾਨ ਦੀ ਉਮਰ ਤਕਰੀਬਨ 30 ਸਾਲ ਹੈ। ਜਿਸ ਦੇ ਫਿੱਕੇ ਹਰੇ ਰੰਗ ਦੀ ਸ਼ਰਟ ਤੇ ਗਰੇ ਰੰਗ ਦੀ ਪੈਂਟ ਪਾਈ ਹੋਈ ਹੈ ਉਸ ਦੇ ਮੂੰਹ ਚੋਂ ਝੱਗ ਨਿਕਲ ਰਹੀ ਸੀ। ਵਰਮਾ ਨੇ ਦੱਸਿਆ ਕਿ ਏ.ਐਸ.ਆਈ ਚਰਨਜੀਤ ਸ਼ਰਮਾ ਆਪਣੀ ਟੀਮ ਸਮੇਤ ਮੌਕੇ ਤੇ ਪੁੱਜੇ ਤੇ ਉਨਾਂ ਦੀ ਮੌਜੂਦਗੀ ਵਿੱਚ ਲਾਸ਼ ਨੂੰ 72 ਘੰਟਿਆਂ ਵਾਸਤੇ ਸ਼ਨਾਖਤ ਲਈ ਸਿਵਲ ਹਸਪਤਾਲ ਦੀ ਮੋਰਚਰੀ ਵਿਖੇ ਰੱਖ ਦਿੱਤਾ ਗਿਆ ਹੈ।

# ਪਿੰਡ ਘੋਲੀਆ ਦਾ ਕਿਸਾਨ ਮਨਿੰਦਰ ਸਿੰਘ ਪਿਛਲੇ ਦੋ ਸਾਲਾਂ ਤੋਂ ਡੀ ਏ ਪੀ ਦੀ ਜਗ੍ਹਾ ਵਰਤ ਰਿਹੈ ਹੋਰ ਖਾਦਾਂ

ਮੋਗਾ, (ਲੋਕ ਬਾਣੀ) ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਭੂਮੀ ਵਿਗਿਆਨੀਆਂ ਨੇ ਆਉਂਦੀ ਕਣਕ ਦੀ ਫਸਲ ਲਈ ਡੀ ਏ ਪੀ ਦੇ ਬਦਲ ਵਜੋਂ ਹੋਰ ਫਾਸਫੋਰਸ ਤੱਤਾਂ ਵਾਲੀਆਂ ਖਾਦਾਂ ਨੂੰ ਬਦਲਵੇਂ ਸਰੋਤਾਂ ਵਜੋਂ ਵਰਤਣ ਦਾ ਸੁਝਾਅ ਦਿੱਤਾ ਹੈ। ਡੀਏਪੀ ਸਭ ਤੋਂ ਵੱਧ ਫਾਸਫੋਰਸ ਤੱਤ ਵਾਲੀ ਖਾਦ ਹੈ ਜੋ ਝੋਨੇ-ਕਣਕ ਫਸਲੀ ਚੱਕਰ ਵਿੱਚ ਵਰਤੀ ਜਾਂਦੀ ਹੈ। ਕਣਕ ਦੀ ਫਸਲ ਲਈ ਕਿਸਾਨ ਦੂਜੀਆਂ ਫਾਸਫੋਰਸ ਤੱਤਾਂ ਵਾਲੀਆਂ ਖਾਦਾਂ ਨਾਲੋਂ ਡੀਏਪੀ ਨੂੰ ਤਰਜੀਹ ਦਿੰਦੇ ਹਨ।

ਪਿੰਡ ਘੋਲੀਆ ਦਾ ਕਿਸਾਨ ਮਨਿੰਦਰ ਸਿੰਘ ਪਿਛਲੇ ਦੋ ਸਾਲਾਂ ਤੋਂ ਡੀ ਏ ਪੀ ਦੀ ਜਗ੍ਹਾ 12:32:16 ਜਾਂ 46 ਫ਼ੀਸਦੀ ਵਾਲੀ ਫਾਸਫੋਰਸ ਤੱਤ ਵਰਤ ਰਿਹਾ ਹੈ। ਉਸਨੇ ਕਿਹਾ ਕਿ ਇਸ ਨਾਲ ਡੀ ਏ ਪੀ ਖਾਦ ਵਰਤਣ ਦੀ ਲੋੜ ਨਹੀਂ ਰਹਿੰਦੀ।

ਮਾਹਿਰਾਂ ਨੇ ਕਿਹਾ ਕਿ ਡੀ.ਏ.ਪੀ ਵਿਚ 46 ਫੀਸਦੀ ਫਾਸਫੋਰਸ ਅਤੇ 18 ਫੀਸਦੀ ਨਾਈਟ੍ਰੋਜਨ ਹੁੰਦੀ ਹੈ। ਇਕ ਹੋਰ ਖਾਦ ਐੱਨ ਪੀ ਕੇ (12:32:16) ਵਿਚ 32 ਫੀਸਦੀ ਫਾਸਫੋਰਸ ਅਤੇ 12 ਫੀਸਦ ਨਾਈਟ੍ਰੋਜਨ ਤੋਂ ਬਿਨਾਂ 16 ਫੀਸਦ ਪੋਟਾਸ਼ੀਅਮ ਦੀ ਮਾਤਰਾ ਪਾਈ ਜਾਂਦੀ ਹੈ। ਇਕ ਬੋਰਾ ਡੀ ਏ ਪੀ ਪਿੱਛੇ ਡੇਢ ਬੋਰਾ ਐੱਨ ਪੀ ਕੇ (12:32:16) ਦੀ ਵਰਤੋਂ ਕੀਤੀ ਜਾ ਸਕਦੀ ਹੈ। ਡੀ.ਏ.ਪੀ. ਦੇ ਤੀਸਰੇ ਬਦਲ ਵਜੋਂ ਸਿੰਗਲ ਸੁਪਰ ਫਾਸਫੇਟ ਦੀ ਵਰਤੋਂ ਕੀਤੀ ਜਾ ਸਕਦੀ ਹੈ। ਸਿੰਗਲ ਸੁਪਰਫਾਸਫੇਟ ਵਿਚ 16 ਫੀਸਦੀ ਫਾਸਫੋਰਸ ਤੱਤ ਮਿਲਦਾ ਹੈ ਅਤੇ ਇਸਦੇ ਤਿੰਨ ਬੋਰਿਆਂ ਨਾਲ ਫਾਸਫੋਰਸ ਤੱਤ ਦੀ ਪੂਰਤੀ ਤੋਂ ਬਿਨਾਂ 18 ਕਿੱਲੋ ਗੰਧਕ ਵੀ ਕਣਕ ਦੀ ਫਸਲ ਨੂੰ ਮਿਲ ਸਕਦੀ ਹੈ। ਮਾਹਿਰਾਂ ਨੇ ਕਿਹਾ ਕਿ ਟ੍ਰਿਪਲ ਸੁਪਰ ਫਾਸਫੇਟ ਨੂੰ ਬਜ਼ਾਰ ਵਿਚ ਨਵੀਂ ਖਾਦ ਵਜੋਂ



ਵਰਤਿਆ ਜਾ ਸਕਦਾ ਹੈ ਇਸ ਵਿਚ ਡੀ ਏ ਪੀ ਦੇ ਬਰਾਬਰ 46 ਫੀਸਦੀ ਫਾਸਫੋਰਸ ਤੱਤ ਦੀ ਮਾਤਰਾ ਮਿਲਦੀ ਹੈ। ਇਹ ਨਵੀਂ ਉੱਚ ਫਾਸਫੋਰਸ ਖਾਦ ਹੈ ਅਤੇ ਕਿਸਾਨ ਪਹਿਲੀ ਵਾਰ ਇਸ ਦੀ ਵਰਤੋਂ ਕਰ ਰਹੇ ਹਨ। ਐੱਨ ਪੀ ਕੇ (12:32:16) ਡੀ ਏ ਪੀ ਦਾ ਸਭ ਤੋਂ ਵਧੀਆ ਬਦਲ ਹੋ ਸਕਦਾ ਹੈ ਕਿਉਂਕਿ ਇਸਦਾ ਡੇਢ ਬੋਰਾ ਲਗਭਗ ਉਹੀ ਫਾਸਫੋਰਸ ਅਤੇ ਨਾਈਟ੍ਰੋਜਨ ਸਮੱਗਰੀ ਦੀ ਸਪਲਾਈ ਕਰਦਾ ਹੈ ਜੋ ਡੀ ਏ ਪੀ ਦੇ ਬਰਾਬਰ ਹੈ ਅਤੇ ਇਸ ਤੋਂ ਇਲਾਵਾ ਇਹ 23 ਕਿਲੋਗ੍ਰਾਮ ਪੋਟਾਸ਼ ਵੀ ਦਿੰਦਾ ਹੈ। ਹੋਰ ਬਦਲਾਂ ਵਿਚ ਐੱਨ ਪੀ ਕੇ (10:26:26) ਜਾਂ ਹੋਰ ਖਾਦਾਂ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ। ਜੇਕਰ ਫਾਸਫੋਰਸ ਤੱਤ ਲਈ ਸਿੰਗਲ ਸੁਪਰ ਫਾਸਫੇਟ ਜਾਂ ਟ੍ਰਿਪਲ ਸੁਪਰ ਫਾਸਫੇਟ ਖਾਦ ਦੀ ਵਰਤੋਂ ਕੀਤੀ ਜਾਂਦੀ ਹੈ ਤਾਂ ਬਿਜਾਈ ਵੇਲੇ 20 ਕਿੱਲੋ ਯੂਰੀਆ ਪ੍ਰਤੀ ਏਕੜ ਪਾਓ।

ਪੀ.ਏ.ਯੂ. ਕਣਕ ਦੀ ਫਸਲ ਲਈ ਫਾਸਫੋਰਸ ਖਾਦ ਦੀ ਸੁਚੱਜੀ ਵਰਤੋਂ 'ਤੇ ਜੋਰ ਦਿੰਦੀ ਹੈ ਅਤੇ ਕਿਸਾਨਾਂ ਨੂੰ ਮਿੱਟੀ ਪਰਖ ਤੋਂ ਅਧਾਰਿਤ ਖਾਦਾਂ ਪਾਉਣ ਦੀ ਸਲਾਹ ਦਿੰਦੀ ਹੈ ਕਿਉਂਕਿ ਇਹ ਕਣਕ ਦੇ ਝਾੜ ਨਾਲ ਸਮਝੌਤਾ ਕੀਤੇ ਬਿਨਾਂ ਲਾਗਤ ਨੂੰ ਘਟਾ ਸਕਦੀ ਹੈ। ਮਾਹਿਰਾਂ ਨੇ ਕਣਕ ਵਿੱਚ ਡੀਏਪੀ ਦੀ ਵਰਤੋਂ ਲਈ ਸਪੱਸਟ ਅਤੇ ਵਿਵਹਾਰਕ ਢੰਗ ਦੱਸਦਿਆਂ ਕਿਹਾ ਕਿ ਘੱਟ ਜੈਵਿਕ ਕਾਰਬਨ ਵਾਲੀ ਮਿੱਟੀ ਵਿੱਚ ਉੱਚ ਫਾਸਫੋਰਸ ਪੱਧਰ (9-20 ਕਿਲੋਗ੍ਰਾਮ/ਏਕੜ) ਵਾਲੀ ਜ਼ਮੀਨ ਲਈ ਫਾਸਫੋਰਸ ਤੱਤ ਦੀ ਵਰਤੋਂ 25% ਤੱਕ ਘਟਾਈ ਜਾ ਸਕਦੀ ਹੈ। ਦਰਮਿਆਨੀ ਜੈਵਿਕ ਕਾਰਬਨ ਮਾਤਰਾ (0.4 ਤੋਂ 0.75%) ਵਾਲੀ ਜ਼ਮੀਨ ਵਿੱਚ ਦਰਮਿਆਨੀ ਫਾਸਫੋਰਸ (5-9 ਕਿਲੋਗ੍ਰਾਮ/ਏਕੜ) ਅਤੇ ਉੱਚ ਫਾਸਫੋਰਸ (9-20 ਕਿਲੋਗ੍ਰਾਮ/ਏਕੜ) ਵਾਲੀ ਜ਼ਮੀਨ ਲਈ ਫਾਸਫੋਰਸ ਤੱਤ ਦੀ ਵਰਤੋਂ ਵਿੱਚ 50% ਕਟੌਤੀ ਕੀਤੀ ਜਾ ਸਕਦੀ ਹੈ।

ਕਣਕ ਦੀ ਬਿਜਾਈ ਤੋਂ ਪਹਿਲਾਂ ਝੋਨੇ ਦੀ ਫੱਕ ਦੀ ਸੁਆਹ ਜਾਂ ਗੰਨੇ ਦੀ ਗੁੱਦੀ ਦੀ ਸਵਾਹ (4 ਟਨ ਪ੍ਰਤੀ ਏਕੜ) ਵਰਤਣ ਨਾਲ ਫਾਸਫੋਰਸ ਦੀ ਮਾਤਰਾ ਨੂੰ ਅੱਧਾ ਕੀਤਾ ਜਾ ਸਕਦਾ ਹੈ। ਜਿਨ੍ਹਾਂ ਖੇਤਾਂ ਵਿੱਚ ਝੋਨੇ ਦੀ ਪਰਾਲੀ ਨੂੰ ਲਗਾਤਾਰ ਵਾਹੁਣ ਤੋਂ ਬਾਅਦ ਮਿੱਟੀ ਦੀ ਜੈਵਿਕ ਕਾਰਬਨ ਮਾਤਰਾ ਉੱਚ ਸ੍ਰੇਣੀ ਵਿੱਚ ਆਉਂਦੀ ਹੈ, ਫਾਸਫੋਰਸ ਵਾਲੀ ਖਾਦ ਨੂੰ 50% ਤੱਕ ਘਟਾਇਆ ਜਾ ਸਕਦਾ ਹੈ।

ਪੀਏਯੂ ਦੀਆਂ ਸਿਫ਼ਾਰਸ਼ਾਂ ਦਾ ਉਦੇਸ਼ ਡੀਏਪੀ ਦੇ ਬਦਲਵੇਂ ਸਰੋਤਾਂ ਦੀ ਵਰਤੋਂ ਕਰਕੇ ਫਾਸਫੋਰਸ ਦੀ ਲੋੜ ਵਾਲੀ ਕਣਕ ਦੀ ਫਸਲ ਨੂੰ ਪੂਰਾ ਕਰਨਾ ਅਤੇ ਅੰਤ ਵਿੱਚ ਕਣਕ ਦਾ ਪੂਰਾ ਝਾੜ ਪ੍ਰਾਪਤ ਕਰਨ ਵਿੱਚ ਕਿਸਾਨਾਂ ਦੀ ਮਦਦ ਕਰਨਾ ਹੈ।

# ਕਣਕ ਦੀ ਬਿਜਾਈ ਲਈ ਲੋੜ ਮੁਤਾਬਕ ਡੀ.ਏ.ਪੀ. ਖਾਦ ਉਪਲਬਧ - ਡਿਪਟੀ ਕਮਿਸਨਰ

ਮਾਲੇਰਕੋਟਲਾ 0(ਲੋਕ ਬਾਣੀ) ਡਿਪਟੀ ਕਮਿਸ਼ਨਰ ਨੇ ਡਾ ਪੱਲਵੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾ ਰਿਹਾ ਹੈ ਕਿ ਕਣਕ ਦੀ ਬਿਜਾਈ ਲਈ ਲੋੜ ਮੁਤਾਬਕ ਡੀ.ਏ.ਪੀ. ਦੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ ਤਾਂ ਜੋ ਜ਼ਿਲ੍ਹੇ ਦੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ।




ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕਰੀਬ 52 ਹਜਾਰ 324 ਹੈਕਟੇਅਰ ਰਕਬੇ ਵਿੱਚ ਕਣਕ,ਆਲੂ ਆਦਿ ਦੀ ਬਿਜਾਈ ਕੀਤੀ ਜਾਂਦੀ ਹੈ, ਜਿਸ ਲਈ ਕਰੀਬ ਜ਼ਿਲ੍ਹੇ ਵਿੱਚ 7195 ਮੀਟ੍ਰਿਕ ਟਨ ਡੀ.ਏ.ਪੀ. ਦੀ ਮੰਗ ਹੈ ਤੇ ਹੁਣ ਤੱਕ ਜ਼ਿਲ੍ਹੇ ਵਿੱਚ 6048 ਮੀਟ੍ਰਿਕ ਟਨ ਡੀ.ਏ.ਪੀ. ਪੁੱਜ ਚੁੱਕਾ ਹੈ ਜੋ ਕਿ ਕੁਲ ਮੰਗ ਦਾ ਕਰੀਬ 84 ਫੀਸਦੀ ਬਣਦਾ ਹੈ। ਬਾਕੀ ਰਹਿੰਦੀ ਡੀ.ਏ.ਪੀ. ਖਾਦ ਦੀ ਜਲਦ ਸਪਲਾਈ ਵੀ ਪੁੱਜ ਜਾਵੇਗੀ।ਉਨ੍ਹਾਂ ਦੱਸਿਆ ਕਿ ਕੁਲ ਮੰਗ ਦਾ 60 ਫੀਸਦੀ ਸਹਿਕਾਰੀ ਸਭਾਵਾਂ ਕੋਲ ਜਾਵੇਗਾ ਅਤੇ 40 ਫੀਸਦੀ ਪ੍ਰਾਈਵੇਟ ਡੀਲਰਾਂ ਨੂੰ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਖਾਦ ਏਜੰਸੀਆਂ ਦੇ ਮਾਲਕਾਂ / ਵਿਕ੍ਰੇਤਾਵਾਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਡੀ.ਏ.ਪੀ. ਖਾਦ ਦੇ ਨਾਲ ਕੋਈ ਹੋਰ ਵਾਧੂ ਸਮਾਨ ਜਾਂ ਦਵਾਈਆਂ ਆਦਿ ਖਰੀਦਣ ਲਈ ਮਜਬੂਰ ਨਾ ਕੀਤਾ ਜਾਵੇ। ਜੇਕਰ ਕੋਈ ਵਿਕ੍ਰੇਤਾਵਾਂ ਵਾਧੂ ਸਮਾਨ ਜਾਂ ਦਵਾਈਆਂ ਖਰੀਦਣ ਲਈ ਮਜਬੂਰ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡੀ.ਏ.ਪੀ. ਖਾਦ ਬਾਰੇ ਖੇਤੀਬਾੜੀ ਵਿਭਾਗ ਵਲੋਂ ਏ.ਡੀ.ਓ. ਇਨਫੋਰਸਮੈਂਟ, ਸ਼ਿਵਇੰਦਰ ਸਿੰਘ ਨੂੰ ਇੰਚਾਰਜ ਲਗਾਇਆ ਜ਼ਿਨ੍ਹਾ ਨੂੰ ਮੋਬਾਇਲ ਨੰ. 94649-91230 ਤੇ ਦਫ਼ਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

ਉਨ੍ਹਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਹੋਰ ਖੇਤੀਬਾੜੀ ਮਾਹਰਾਂ ਦੀ ਸਲਾਹ ਮੁਤਾਬਕ ਹੀ ਡੀ.ਏ.ਪੀ. ਜਾਂ ਕਿਸੇ ਹੋਰ ਖਾਦ ਦੀ ਵਰਤੋਂ ਕਰਨ ਤੋਂ ਗਰੇਜ ਕਰਨ ਤਾਂ ਜੋ ਖੇਤੀ ਲਾਗਤ ਨਾ ਵੱਧ ਸਕੇ ਅਤੇ ਖੇਤੀਬਾੜੀ ਕਿੱਤਾ ਲਾਹੇਵੰਦ ਬਣਿਆ ਰਹੇ

# ਸ਼੍ਰੀ ਵਿਸ਼ਵਕਰਮਾ ਸਿੱਖਿਆ ਪ੍ਰਚਾਰ ਕਮੇਟੀ ( ਰਜਿ.) ਵੱਲੋਂ ਮਨਾਈ 25ਵੀਂ ਭਗਵਾਨ ਵਿਸ਼ਵਕਰਮਾ ਜਯੰਤੀ

ਡੇਰਾਬੱਸੀ, (ਲੋਕ ਬਾਣੀ))



ਡੇਰਾਬੱਸੀ ਵਿਖੇ ਸ਼੍ਰੀ ਵਿਸ਼ਵਕਰਮਾ ਸਿੱਖਿਆ ਪ੍ਰਚਾਰ ਕਮੇਟੀ (836) ਦੀ ਤਰਫੋਂ 25ਵੀਂ ਭਗਵਾਨ ਵਿਸ਼ਵਕਰਮਾ ਜਯੰਤੀ ਮਨਾਈ ਗਈ। ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁਖੀ ਨਰਿੰਦਰ ਧੀਮਾਨ ਅਤੇ ਚੇਅਰਮੈਨ ਰਾਜੇਸ਼ ਨਰਾਇਣ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਗਵਾਨ ਸ਼੍ਰੀ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਸਵੇਰੇ 10:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਸ਼੍ਰੀ ਵਿਸ਼ਵਕਰਮਾ ਪੂਜਾ ਅਤੇ ਹਵਨ ਕੀਤਾ ਗਿਆ। ਉਪਰੰਤ ਅਤੁੱਟ ਲੰਗਰ ਚਲਾਇਆ ਗਿਆ। ਸ਼ਾਮ ਨੂੰ ਗਾਇਕ ਪ੍ਰਵੀਨ ਧੀਮਾਨ, ਹਿਤੇਸ਼ ਸ਼ਰਮਾ ਅਤੇ ਬੰਟੀ ਸ਼ਰਮਾ ਵੱਲੋਂ ਭਜਨ ਕੀਰਤਨ ਕੀਤਾ ਗਿਆ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements In Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
More Than • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022-2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com